SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON


To view our online newspaper visit punjabipost.ca/epaper | Vol 22* Issue 176 | Wedneday, September 20, 2023 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਹੈਮਿਲਟਨ ਨੇੜੇ ਟਰੱਕ ਵਿੱਚ ਲੱਗੀ ਅੱਗ ਕਾਰਨ ਟ੍ਰੈਫਿਕ ਵਿੱਚ ਪਿਆ ਵਿਘਨ



ਓਨਟਾਰੀਓ, 19 ਸਤੰਬਰ (ਪੋਸਟ ਬਿਊਰੋ) : ਮੰਗਲਵਾਰ ਨੂੰ ਕੁਈਨ ਐਲਿਜ਼ਾਬੈੱਥ ਵੇਅ ਉੱਤੇ ਇੱਕ ਟਰਾਂਸਪੋਰਟ ਟਰੱਕ ਵਿੱਚ ਅੱਗ ਲੱਗ ਜਾਣ ਕਾਰਨ ਜਿੱਥੇ ਫਿਊਲ ਲੀਕ ਹੋ ਗਿਆ ਉੱਥੇ ਹੀ ਇਸ ਰਾਹ ਉੱਤੇ ਭਾਰੀ ਜਾਮ ਲੱਗ ਗਿਆ ਤੇ ਡਰਾਈਵਰਾਂ ਨੂੰ ਕਾਫੀ ਦਿੱਕਤ ਦਾ ਸਾਹਮਣਾ ਕਰਨਾ ਪਿਆ। ਇਹ ਘਟਨਾ ਬਰਲਿੰਗਟਨ ਸਕਾਇਵੇਅ ਨੇੜੇ ਵਾਪਰੀ। ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਅਨੁਸਾਰ ਸਵੇਰੇ 10:00 ਵਜੇ ਤੋਂ ਠੀਕ ਬਾਅਦ ਈਸਟਪੋਰਟ ਡਰਾਈਵ ਉੱਤੇ ਕੌਂਕਰੀਟ ਦੀ ਕੰਧ ਨਾਲ ਟਕਰਾਅ ਜਾਣ ਕਾਰਨ ਟਰੈਕਟਰ ਟਰੇਲਰ ਵਿੱਚ ਅੱਗ ਲੱਗ ਗਈ। ਇਸ ਦੌਰਾਨ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਪੁਲਿਸ ਨੇ ਦੱਸਿਆ ਕਿ ਲੀਕ ਹੋ ਰਹੇ ਫਿਊਲ ਕਾਰਨ ਟਰੱਕ ਦੀ ਇਨਸੂਲੇਸ਼ਨ ਨੂੰ ਵੀ ਨੁਕਸਾਨ ਪਹੁੰਚਿਆ ਤੇ ਇਲਾਕੇ ਨੂੰ ਸਾਫ ਕਰਨ ਵਿੱਚ ਹੋਰ ਦਿੱਕਤਾਂ ਆਈਆਂ। ਓਪੀਪੀ ਸਾਰਜੈਂਟ ਕੈਰੀ ਸ਼ਮਿਡਟ ਨੇ ਦੱਸਿਆ ਕਿ ਟਰੇਲਰ ਵਿੱਚੋਂ ਇੱਕ ਇੱਕ ਟੁਕੜਾ ਕਰਕੇ ਇਨਸੂਲੇਸ਼ਨ ਨੂੰ ਕੱਢਿਆ ਗਿਆ। ਪਾਣੀ ਦਾ ਛਿੜਕਾਅ ਕਰਕੇ ਇਹ ਵੀ ਯਕੀਨੀ ਬਣਾਇਆ ਗਿਆ ਕਿ ਅੱਗ ਮੁੜਕੇ ਨਾ ਭੜਕੇ। ਟਰੈਫਿਕ ਨੂੰ ਵੀ ਹੋਰ ਪਾਸੇ ਦੀ ਕੱਢਿਆ ਗਿਆ।

## ਕੈਨੇਡਾ ਦੀ ਮਹਿੰਗਾਈ ਦਰ 4 ਫੀ ਸਦੀ ਤੱਕ ਉੱਛਲੀ



ਓਟਵਾ, 19 ਸਤੰਬਰ (ਪੋਸਟ ਬਿਊਰੋ) : ਪਿਛਲੇ ਮਹੀਨੇ ਕੈਨੇਡਾ ਦੀ ਮਹਿੰਗਾਈ ਦਰ ਵਿੱਚ ਚਾਰ ਫੀ ਸਦੀ ਵਾਧਾ ਦਰਜ ਕੀਤਾ ਗਿਆ। ਅਰਥਸ਼ਾਸਤਰੀਆਂ ਦਾ ਕਹਿਣਾ ਹੈ ਕਿ ਬੈਂਕ ਆਫ ਕੈਨੇਡਾ ਲਈ ਇਹ ਮਾੜੀ ਖਬਰ ਹੈ।

ਸਟੈਟੇਸਟਿਕਸ ਕੈਨੇਡਾ ਵੱਲੋਂ ਮੰਗਲਵਾਰ ਨੂੰ ਜਾਰੀ ਕੀਤੀ ਗਈ ਤਾਜ਼ਾ ਮਹਿੰਗਾਈ ਸਬੰਧੀ ਰੀਡਿੰਗ ਵਿੱਚ ਦਰਸਾਇਆ ਗਿਆ ਕਿ ਜੁਲਾਈ ਵਿੱਚ ਸਾਲਾਨਾ ਮਹਿੰਗਾਈ ਦਰ ਵਿੱਚ 3.3 ਫੀ ਸਦੀ ਦਾ ਵਾਧਾ ਹੋਇਆ ਹੈ ਤੇ ਇਸ ਨਾਲ ਇਹ ਲਗਾਤਾਰ ਦੂਜਾ ਮਹੀਨਾ ਹੈ ਜਦੋਂ ਮਹਿੰਗਾਈ ਦਰ ਵਧੀ ਹੈ। ਗੈਸੋਲੀਨ ਦੀਆਂ ਕੀਮਤਾਂ ਵਿੱਚ ਹੋਏ ਵਾਧੇ ਕਾਰਨ ਮਾਹਿਰਾਂ ਵੱਲੋਂ ਪਿਛਲੇ ਮਹੀਨੇ ਮਹਿੰਗਾਈ ਵਿੱਚ ਹੋਰ ਵਾਧਾ ਹੋਣ ਦੀ ਪੇਸ਼ੀਨਿਗੋਈ ਕੀਤੀ ਗਈ ਸੀ। ਪਰ ਮੰਗਲਵਾਰ ਨੂੰ ਜਾਰੀ ਕੀਤੀ ਗਈ ਰਿਪੋਰਟ ਕਈਆਂ ਦੀ ਆਸ ਨਾਲੋਂ ਬਦਤਰ ਸੀ। ਮਾਹਿਰਾਂ ਦਾ ਇਹ ਵੀ ਆਖਣਾ ਹੈ ਕਿ ਇਸ ਨਾਲ ਬੈਂਕ ਆਫ ਕੈਨੇਡਾ ਉੱਤੇ ਹੋਰ ਭਾਰ ਪੈ ਗਿਆ ਹੈ। ਬੈਂਕ ਨੂੰ ਵਿਆਜ਼ ਦਰਾਂ ਬਾਰੇ ਫੈਸਲਾ ਲੈਣਾ ਔਖਾ ਹੋਵੇਗਾ ਤੇ ਇਸ ਲਈ ਬੈਂਕ ਨੂੰ ਨੁਕਤਾਚੀਨੀ ਦਾ ਸਾਹ-ਮਣਾ ਵੀ ਕਰਨਾ ਪੈ ਸਕਦਾ ਹੈ। ਬੈਂਕ ਵੱਲੋਂ 25 ਅਕਤੂਬਰ ਨੂੰ ਵਿਆਜ਼ ਦਰਾਂ ਬਾਰੇ ਫੈਸਲਾ ਲਿਆ ਜਾਵੇਗਾ ਤੇ ਇਹ ਕਾਫੀ ਔਖਾ ਫੈਸਲਾ ਹੋਵੇਗਾ।

## ਕੌਸਟ ਆਫ ਲਿਵਿੰਗ ਤੇ ਮਹਿੰਗਾਈ ਦਰ ਵਿੱਚ ਵਾਧੇ ਨੂੰ ਲੈ ਕੇ ਟਰੂਡੋ ਤੇ ਪੌਲੀਏਵਰ ਵਿੱਚ ਹੋਈ ਬਹਿਸ





ਓਟਵਾ, 19 ਸਤੰਬਰ (ਪੋਸਟ ਬਿਊਰੋ) :ਪਿਛਲੇ ਮਹੀਨੇ ਕੈਨੇਡਾ ਦੀ ਮਹਿੰਗਾਈ ਦਰ ਚਾਰ ਫੀ ਸਦੀ ਤੱਕ ਵਧਣ ਤੋਂ ਬਾਅਦ ਡਿਪਟੀ ਪ੍ਰਧਾਨ ਮੰਤਰੀ ਤੇ ਵਿੱਤ ਮੰਤਰੀ ਕ੍ਰਿਸਟੀਆ ਫਰੀਲੈਂਡ ਦਾ ਕਹਿਣਾ ਹੈ ਕਿ ਇਸ ਔਖੀ ਘੜੀ ਵਿੱਚ ਕੈਨੇਡੀਅਨਜ਼ ਦੀ ਮਦਦ ਕਰਨ ਲਈ ਫੈਡਰਲ ਸਰਕਾਰ ਤੋਂ ਜੋ ਕੁੱਝ ਬਣ ਪਾ ਰਿਹਾ ਹੈ ਉਹ ਕਰ ਰਹੀ ਹੈ। ਇਸ ਨਾਲ ਇੱਕ ਵਾਰੀ ਫਿਰ ਮੰਗਲਵਾਰ ਨੂੰ ਹਾਊਸ ਆਫ ਕਾਮਨਜ਼ ਵਿੱਚ ਇਸ ਮੁੱਦੇ ਉੱਤੇ ਬਹਿਸ ਗਰਮਾ ਗਈ।

ਇਸ ਦੌਰਾਨ ਵਿਰੋਧੀ ਧਿਰਾਂ ਵੱਲੋਂ ਅਗਸਤ ਦੀ ਮਹਿੰਗਾਈ ਦਰ ਲਈ ਲਿਬਰਲਾਂ ਉੱਤੇ ਮੁੜ ਉਂਗਲਾਂ ਉਠਾਈਆਂ ਗਈਆਂ। ਕੰਜ਼ਰਵੇਟਿਵ ਆਗੂ ਪਿਏਰ ਪੌਲੀਏਵਰ ਨੇ ਮਹਿੰਗਾਈ ਦਰ ਵਿੱਚ ਹੋਏ ਵਾਧੇ ਲਈ ਸਰਾਸਰ ਲਿਬਰਲ ਸਰਕਾਰ ਨੂੰ ਦੋਸ਼ੀ ਠਹਿਰਾਇਆ। ਇਸੇ ਤਰ੍ਹਾਂ ਐਨਡੀਪੀ ਆਗੂ ਜਗਮੀਤ ਸਿੰਘ ਨੇ ਗਰੌਸਰੀ ਦੀਆਂ ਦਰਾਂ ਵਿੱਚ ਹੋ ਰਹੇ ਵਾਧੇ ਨੂੰ ਰੋਕਣ ਲਈ ਲਿਬਰਲਾਂ ਦੀ ਯੋਜਨਾ ਨੂੰ ਠੁੱਸ ਤੇ ਬੇਕਾਰ ਦੱਸਿਆ।

ਪੌਲੀਏਵਰ ਨੇ ਮੰਗਲਵਾਰ ਨੂੰ ਆਖਿਆ ਕਿ ਨਾ ਸਿਰਫ ਮਹਿੰਗਾਈ ਵਿੱਚ ਵਾਧਾ ਹੋ ਰਿਹਾ ਹੈ ਸਗੋਂ ਇਹ ਰੋਜ਼ਾਨਾ ਹੋਰ ਤੇਜ਼ੀ ਨਾਲ ਅੱਗੇ ਵੱਧ ਰਹੀ ਹੈ। ਹੁਣ ਮਾਮਲਾ ਟਰੂਡੋ ਸਰਕਾਰ ਦੇ ਹੱਥ ਤੋ ਬਾਹਰ ਨਿਕਲ ਚੁੱਕਿਆ ਹੈ ਤੇ ਸਰਕਾਰ ਨੂੰ ਮਹਿੰਗਾਈ ਦਰ ਨੂੰ ਕਾਬੂ ਕਰਨਾ ਔਖਾ ਹੋਇਆ ਪਿਆ ਹੈ। ਉਨ੍ਹਾਂ ਆਖਿਆ ਕਿ ਕੋਈ ਇੱਕ ਚੀਜ਼ ਮਹਿੰਗੀ ਨਹੀਂ ਹੋਈ ਹੈ, ਫੂਡ ਤੇ ਗੈਸ ਤੋਂ ਲੈ ਕੇ ਨਿੱਕੀ ਤੇ ਵੱਡੀ ਹਰ ਚੀਜ਼ ਮਹਿੰਗੀ ਹੋ ਚੁੱਕੀ ਹੈ ਤੇ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੈ। ਉਨ੍ਹਾਂ ਆਖਿਆ ਕਿ ਸ਼ਰਮ ਵਾਲੀ ਗੱਲ ਇਹ ਹੈ ਕਿ ਵਿੱਤ ਮੰਤਰੀ ਫਰੀਲੈਂਡ ਨੂੰ ਥੋੜ੍ਹੀ ਜਿਹੀ ਮਹਿੰਗਾਈ ਘਟਣ ਉੱਤੇ ਹੀ ਇਹ ਨਹੀਂ ਸੀ ਆਖਣਾ ਚਾਹੀਦਾ ਕਿ ਉਨ੍ਹਾਂ ਨੂੰ ਸ਼ਾਬਾਸ਼ ਦਿੱਤੀ ਜਾਵੇ।

ਅਗਸਤ ਵਿੱਚ ਮਹਿੰਗਾਈ ਲਗਾਤਾਰ ਦੂਜੇ ਮਹੀਨੇ ਵਧੀ ਹੈ। ਬਹਿਸ ਦੌਰਾਨ ਮਹਿੰਗਾਈ ਦੇ ਨਾਲ ਨਾਲ ਕੌਸਟ ਆਫ ਲਿਵਿੰਗ ਦਾ ਮੁੱਦਾ ਵੀ ਛਾਇਆ ਰਿਹਾ। ਇਸ ਦੌਰਾਨ ਟਰੂਡੋ ਨੇ ਸਾਰਾ ਸਮਾਂ ਕੈਨੇਡੀਅਨਜ਼ ਦੀ ਮਦਦ ਕਰਨ ਤੇ ਉਨ੍ਹਾਂ ਲਈ ਹਰ ਉਪਰਾਲਾ ਕਰਨ ਦਾ ਦਾਅਵਾ ਕੀਤਾ ਤੇ ਆਖਿਆ ਕਿ ਵਿਰੋਧੀ ਧਿਰਾਂ ਸਰਕਾਰ ਵੱਲੋਂ ਕੀਤੀਆਂ ਜਾ ਰਹੀਆਂ ਕੋਸ਼ਿਸ਼ਾਂ ਨੂੰ ਊਣਾ ਕਰਕੇ ਵਿਖਾ ਰਹੀਆਂ ਹਨ।

NOW HIRING !!!
ALLKIND INSURANCE
Life Insurance
Critical illness Ins
Travel & Visitor Ins
RESP & TFSA & RRSP
Super Visa Insurance
Mortgage Insurance
Disability Insurance
Funeral Insurance
SIMRAN SAINI
416.994.7272
www.allkindinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
CPAP machines, masks and supplies
Free consultations
30 day mask exchange
Free deliveries
(647) 954-9885
20 Maritime Ont Blvd Unit 15
Brampton, ON L6S 0C2

INSURANCE
Home
Business
Life Insurance
Auto
Trucking
Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

OURR HOME & APPLIANCES
UNBEATABLE DEALS FOR THE WEEK
AT OURR HOME APPLIANCES!
REGULAR PACKAGE $3599
SWITCH TO ELECTRIC STOVE
IN $0
JENNAIR CAFÉ KitchenAid Electrolux LG FRIGIDAIRE elica
BOSCH Whirlpool GE MAYTAG AMANA SAMSUNG VentAHood Hisense Danby
Unit #1, 241 Clarence Street, Brampton, ON, L6W 3E7, (416) 551-3343
44 Fasken Dr, Unit#2-9, Etobicoke, ON, M9W 5M8, (416) 792-0877
5781 Highway 7 Unit 10, Vaughan, ON, L4L 1T8, (416) 477-5556
1050 Speers Road, Oakville, ON, L6L 2X4, (416) 613-0555
Unit #6 - 410 Lewis Road, Stoney Creek, ON, L8E 5Y7, (905) 643-0818
Unit #4 -1540 Fanshawe Park Road West, London, ON, N6H 5L8, (519) 641-1010
416-551-5553 | www.ourrhomeappliances.com

Allstate
You're in good hands.
Insurance
Trademark used under licence by Allstate Insurance Company. 232374 | 6-23
Shawn Budwal
Allstate Sales Agent
Waterdown Agency
94 Dundas Street East, Unit 3
289-678-4024
sbudwal@allstate.ca

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

SUPER VISA INSURANCE EXPERTS
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca
topinsuranceservices.ca

Law Office of Aman Sharma
Real Estate - Commercial Lease
Business Purchase & Sale
Notarizations & Affidavits
Wills & Power Of Attorney
Fax: 905-913-2344 Tel: 905-913-2355
Aman Sharma
25 Cherrycrest Drive, Unit # 6
Brampton, ON, L6P 3W4
Open Saturday
Providing excellent quality legal services to our clients

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Axxel InsuranceBrokers Ltd.
1332 Khalsa Dr, Unit # 11, Mississauga, ON L5S 0A2

Royal Pest Control
Residential Commercial Industrial
Specialist in Bedbugs Service
All Pest Control :
Mouse & Rats
Spiders & Fleas
Bedbugs
Wasps
Cockroaches
Carpenter Ants
Silver Fish
Racoons
Call : PARESH PATEL
(Government Approved Licensed Technician)
416 938 4598

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
ਪਾਵਰ ਆਫ ਸੇਲ ਨੋਟਿਸ ?
ਗਾਰਨਿਸ਼ਮੈਂਟ?
ਬੈਂਕ ਵਲੋਂ ਪੈਸੇ ਦੀ ਮੰਗ ?
ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

HELPING YOU PLAN TODAY...FOR TOMORROW
Supervisa / Visitor Insurance
Life /Mortgage/Funeral Insurance
Disability Insurance
Critical Illness Insurance
RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
Immigration
Family Law
Corporate
Real Estate
Business Closing
Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Advice you can bank on.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
A-Z Pest Control Inc.
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

ਨਵਾਂ ਘਾਹ ਲਵਾਉ
647-784-1213
www.aaalandscaping.ca
1. ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2. ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3. ਨਵਾਂ ਘਾਹ ਲਵਾਉ
4. ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
Real Estate Law
Wills & Estates
Power of Attorney
Affidavits Notarization / Declaration
Business Law
Family Law
Civil Litigation
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਛੁਰੇਬਾਜ਼ੀ ਦੇ ਦੋਸ਼ ਵਿੱਚ 14 ਸਾਲਾ ਲੜਕੀ ਹਿਰਾਸਤ ਵਿੱਚ

ਵ੍ਹਿਟਬੀ, 19 ਸਤੰਬਰ (ਪੋਸਟ ਬਿਊਰੋ) : ਸੋਮਵਾਰ ਨੂੰ ਲੰਚ ਸਮੇਂ ਵਿੱਚ ਵ੍ਹਿਟਬੀ ਦੇ ਸਕੂਲ ਵਿੱਚ ਵਾਪਰੀ ਛੁਰੇਬਾਜ਼ੀ ਦੀ ਘਟਨਾ ਵਿੱਚ 14 ਸਾਲਾ ਲੜਕੀ ਜ਼ਖ਼ਮੀ ਹੋ ਗਈ ਤੇ ਉਸ ਨੂੰ ਹਸਪਤਾਲ ਲਿਜਾਇਆ ਗਿਆ।



ਇਹ ਘਟਨਾ ਦੁਪਹਿਰੇ 12:00 ਵਜੇ ਡਰਾਇਡਨ ਐਵਨਿਊ ਉੱਤੇ ਸਥਿਤ ਫਾਦਰ ਲੀਓ ਜੇ ਆਸਟਿਨ ਕੈਥੋਲਿਕ ਸੈਕੰਡਰੀ ਸਕੂਲ ਵਿੱਚ ਵਾਪਰੀ। ਇਸ ਘਟਨਾ ਤੋਂ ਤੁਰੰਤ ਬਾਅਦ ਹੀ ਸਕੂਲ ਨੂੰ ਲਾਕਡਾਊਨ ਲਗਾ ਦਿੱਤਾ ਗਿਆ। ਦੁਪਹਿਰੇ 12:40 ਦੇ ਨੇੜੇ ਤੇੜੇ ਮਸ਼ਕੂਕ ਨੂੰ ਹਿਰਾਸਤ ਵਿੱਚ ਲੈ ਲਏ ਜਾਣ ਤੋਂ ਬਾਅਦ ਇਹ ਆਰਡਰ ਹਟਾ ਲਿਆ ਗਿਆ। ਪੁਲਿਸ ਨੇ ਦੱਸਿਆ ਕਿ ਮਸ਼ਕੂਕ ਵੀ 14 ਸਾਲਾ ਲੜਕੀ ਹੀ ਸੀ। ਪੁਲਿਸ ਨੇ ਆਖਿਆ ਕਿ ਦੋਵੇਂ ਮਸ਼ਕੂਕ ਤੇ ਜ਼ਖ਼ਮੀ ਲੜਕੀ ਫਾਦਰ ਲੀਓ ਜੇ ਆਸਟਿਨ ਕੈਥੋਲਿਕ ਸੈਕੰਡਰੀ ਸਕੂਲ ਵਿੱਚ ਹੀ ਪੜ੍ਹਦੀਆਂ ਹਨ। ਸਾਰਜੈਂਟ ਬਰਟੋਲੱਸ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਅਜੇ ਤੱਕ ਪਤਾ ਨਹੀਂ ਲੱਗ ਸਕਿਆ ਹੈ ਕਿ ਇਹ ਹਮਲਾ ਸੋਚ ਸਮਝ ਕੇ ਤੇ ਉਸ ਲੜਕੀ ਨੂੰ ਨਿਸ਼ਾਨਾ ਬਣਾ ਕੇ ਕੀਤਾ ਗਿਆ ਜਾਂ ਨਹੀਂ। ਉਨ੍ਹਾਂ ਆਖਿਆ ਕਿ ਮਾਮਲੇ ਦੀ ਜਾਂਚ ਚੱਲ ਰਹੀ ਹੈ।

# ਘਰ ਵਿੱਚ ਲੱਗੀ ਅੱਗ, ਮਹਿਲਾ ਹੋਈ ਜ਼ਖ਼ਮੀ

ਦਰਹਾਮ, 19 ਸਤੰਬਰ (ਪੋਸਟ ਬਿਊਰੋ) : ਦਰਹਾਮ ਰੀਜਨਲ ਪੁਲਿਸ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ ਵ੍ਹਿਟਬੀ ਵਿੱਚ ਇੱਕ ਘਰ ਨੂੰ ਅੱਗ ਲੱਗ ਜਾਣ ਕਾਰਨ ਇੱਕ ਮਹਿਲਾ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਈ ਤੇ ਇੱਕ ਕੁੱਤੇ ਦੀ ਮੌਤ ਹੋ ਗਈ।



ਮੰਗਲਵਾਰ ਨੂੰ ਸਵੇਰੇ 4:30 ਵਜੇ ਤੋਂ ਠੀਕ ਪਹਿਲਾਂ ਟੌਂਟਨ ਰੋਡ ਈਸਟ ਤੇ ਥਿੱਕਸਨ ਰੋਡ ਨੌਰਥ ਨੇੜੇ ਗੇਰਾਰਡ ਰੋਡ ਤੇ ਡਰਾਇਡਨ ਬੁਲੇਵਾਰਡ ਏਰੀਆ ਵਿੱਚ ਅੱਗ ਲੱਗੀ। ਪੁਲਿਸ ਅਨੁਸਾਰ ਮਹਿਲਾ ਬੁਰੀ ਤਰ੍ਹਾਂ ਇਸ ਅੱਗ ਵਿੱਚ ਝੁਲਸ ਗਈ ਤੇ ਉਸ ਨੂੰ ਇਲਾਜ ਲਈ ਟੋਰਾਂਟੋ ਦੇ ਟਰੌਮਾ ਸੈਂਟਰ ਲਿਜਾਇਆ ਗਿਆ। ਅੱਗ ਕਿਸੇ ਸ਼ੱਕੀ ਕਾਰਨਾਂ ਕਰਕੇ ਨਹੀਂ ਲੱਗੀ ਤੇ ਪੁਲਿਸ ਅਧਿਕਾਰੀਆਂ ਅਨੁਸਾਰ ਜਲਦ ਬਾਅਦ ਹੀ ਅੱਗ ਉੱਤੇ ਕਾਬੂ ਪਾਉਣ ਦੀ ਕਵਾਇਦ ਸ਼ੁਰੂ ਕਰ ਦਿੱਤੀ ਗਈ।

## ਅ ਅੱਜ ਨਾਮਾ >>

ਚੰਗੀ ਖਬਰ ਇੱਕ ਆਈ ਪੰਜਾਬ ਦੇ ਲਈ,
ਬੁਲੇਟ ਟਰੇਨ ਕਹਿੰਦੇ ਏਧਰ ਆਊਗੀ ਜੀ।
ਪਲੈਨ ਸਾਰੀ ਤਾਂ ਲਾਈਨ ਦੀ ਬਣੂੰ ਮਗਰੋਂ,
ਪਹਿਲਾਂ ਸਰਵੇ ਸਰਕਾਰ ਕਰਵਾਊਗੀ ਜੀ।
ਸਰਵੇ ਲੋਕਾਂ ਤੋਂ ਕਹਿੰਦੇ ਜਦ ਸ਼ੁਰੂ ਕਰਨਾ,
ਪਬਲਿਕ ਕਿੰਨਾ ਉਤਸ਼ਾਹ ਵਿਖਾਊਗੀ ਜੀ।
ਜਾਊਗਾ ਖਰਚ ਦਾ ਫੇਰ ਹਿਸਾਬ ਲਾਇਆ,
ਰਾਜਨੀਤੀ ਕੁਝ ਅਸਰ ਜਿਹਾ ਪਾਊਗੀ ਜੀ।
ਗੁਜਰਾਤ-ਮੁੰਬਈ ਦੀ ਹੋਊ ਟਰੇਨ ਪਹਿਲੀ,
ਵਰ੍ਹਿਆਂ ਪੰਜਾਂ ਤੱਕ ਦੌੜ ਉਹ ਲਾਊ ਬੇਲੀ।
ਕਈ ਦਿਸ਼ਾਵਾਂ ਲਈ ਸੁਣੀਂ ਸਕੀਮ ਬਣਦੀ,
ਵਾਰੀ ਅਸਾਂ ਦੀ ਬਾਅਦ ਵਿੱਚ ਆਊ ਬੇਲੀ।

**ਤੀਸ ਮਾਰ ਖਾਂ**

# ਪੇਰੂ ਵਿਚ ਬੱਸ ਖੱਡ ਵਿਚ ਡਿੱਗਣ ਨਾਲ 24 ਲੋਕਾਂ ਦੀ ਮੌਤ

ਪੇਰੂ, 19 ਸਤੰਬਰ (ਪੋਸਟ ਬਿਊਰੋ): ਦੱਖਣੀ ਅਮਰੀਕੀ ਦੇਸ਼ ਪੇਰੂ ਵਿਚ ਇਕ ਵੱਡਾ ਦਰਦਨਾਕ ਹਾਦਸਾ ਹੋਣ ਦੀ ਖਬਰ ਹੈ। ਜਾਣਕਾਰੀ ਅਨੁਸਾਰ ਇਸ ਵੱਡੇ ਸੜਕ ਹਾਦਸੇ ਵਿੱਚ ਇੱਕ ਬੱਸ ਖੱਡ ਵਿੱਚ ਡਿੱਗ ਗਈ। ਇਸ ਹਾਦਸੇ ਵਿੱਚ ਘੱਟੋ-ਘੱਟ 24 ਲੋਕਾਂ ਦੀ ਮੌਤ ਹੋ ਗਈ ਹੈ। ਇਹ ਜਾਣਕਾਰੀ ਸਥਾਨਕ ਮੀਡੀਆ ਦੇ ਹਵਾਲੇ ਨਾਲ ਸਾਹਮਣੇ ਆਈ ਹੈ।

ਜਾਣਕਾਰੀ ਮੁਤਾਬਕ ਇਹ ਘਟਨਾ ਸੋਮਵਾਰ ਨੂੰ ਸਥਾਨਕ ਸਮੇਂ ਮੁਤਾਬਕ ਕਰੀਬ ਡੇਢ ਵਜੇ ਚੂਰਕੰਪਾ ਸੂਬੇ ਦੇ ਪਹਾੜੀ ਇਲਾਕੇ ਵਿਚ ਵਾਪਰੀ। ਨਿਊਜ਼ ਪ੍ਰਸਾਰਕ ਰੇਡੀਓ ਪ੍ਰੋਗਰਾਮਸ ਡੇਲ ਪੇਰੂ ਨੇ ਚੁਰਕੈਂਪਾ ਏਕੀਕ੍ਰਿਤ ਹੈਲਥ ਨੈੱਟਵਰਕ ਦਾ ਹਵਾਲਾ ਦਿੰਦੇ ਹੋਏ ਕਿਹਾ ਕਿ ਮਰਨ ਵਾਲਿਆਂ ਵਿੱਚ ਨਾਬਾਲਗ ਵੀ ਸ਼ਾਮਿਲ ਹਨ। ਜ਼ਖ਼ਮੀਆਂ ਨੂੰ ਹੁਆਨਕਾਯੋ, ਪੰਪਾਸ ਅਤੇ ਅਯਾਕੁਚੋ ਸ਼ਹਿਰਾਂ ਦੇ ਹਸਪਤਾਲਾਂ ਵਿੱਚ ਲਿਜਾਇਆ ਗਿਆ। ਐਂਕੋ ਦੇ ਜ਼ਿਲ੍ਹਾ ਮੇਅਰ ਮੈਨੁਅਲ ਜ਼ੇਵਾਲੋਸ ਨੇ ਰੇਡੀਓ ਸਟੇਸ਼ਨ ਨੂੰ ਦੱਸਿਆ ਕਿ ਇਲਾਕੇ ਵਿੱਚ ਬਰਫ਼ ਦੇ ਤੋਦੇ ਡਿੱਗਣ ਕਾਰਨ ਸੜਕ ਘੱਟੋ-ਘੱਟ ਇੱਕ ਮਹੀਨੇ ਤੋਂ ਖ਼ਰਾਬ ਸੀ।

ਇਸ ਤੋਂ ਪਹਿਲਾਂ ਅਗਸਤ ਮਹੀਨੇ ਵਿੱਚ ਮੈਕਸੀਕੋ ਵਿੱਚ ਇੱਕ ਵੱਡਾ ਸੜਕ ਹਾਦਸਾ ਹੋਇਆ ਸੀ। ਮੱਧ ਮੈਕਸੀਕੋ ਦੇ ਕੁਆਕੈਨੋਪਲਾਨ-ਓਕਸਾਕਾ ਹਾਈਵੇਅ 'ਤੇ ਹੋਏ ਸੜਕ ਹਾਦਸੇ 'ਚ ਕਰੀਬ 16 ਲੋਕਾਂ ਦੀ ਮੌਤ ਹੋ ਗਈ। ਮੰਗਲਵਾਰ ਨੂੰ ਸੋਸ਼ਲ ਮੀਡੀਆ ਪਲੇਟਫਾਰਮ ਐਕਸ (ਪਹਿਲਾਂ ਟਵਿੱਟਰ) 'ਤੇ ਘਟਨਾ ਦੀ ਜਾਣਕਾਰੀ ਦਿੰਦੇ ਹੋਏ ਅਧਿਕਾਰੀਆਂ ਨੇ ਦੱਸਿਆ ਕਿ ਮੱਧ ਮੈਕਸੀਕੋ 'ਚ ਸੜਕ ਹਾਦਸੇ 'ਚ 16 ਲੋਕਾਂ ਦੀ ਮੌਤ ਹੋ ਗਈ ਹੈ। ਇਸ ਤੋਂ ਪਹਿਲਾਂ ਮਰਨ ਵਾਲਿਆਂ ਦੀ ਗਿਣਤੀ 15 ਦੱਸੀ ਜਾ ਰਹੀ ਸੀ। ਇਸ ਤੋਂ ਇਲਾਵਾ ਗੰਭੀਰ ਰੂਪ 'ਚ ਜ਼ਖਮੀ ਹੋਏ ਲੋਕਾਂ ਵਿਚ 8 ਪੁਰਸ਼ ਅਤੇ 8 ਔਰਤਾਂ ਸ਼ਾਮਿਲ ਹਨ, ਜਿਨ੍ਹਾਂ ਨੂੰ ਇਲਾਜ ਲਈ ਹਸਪਤਾਲ ਵਿਚ ਭਰਤੀ ਕਰਵਾਇਆ ਗਿਆ ਹੈ।

# ਸੰਸਦ ਦੀ ਪੁਰਾਣੀ ਇਮਾਰਤ ਹੁਣ ਸੰਵਿਧਾਨ ਸਦਨ ਵਜੋਂ ਜਾਣੀ ਜਾਵੇਗੀ : ਪ੍ਰਧਾਨ ਮੰਤਰੀ ਮੋਦੀ



ਨਵੀਂ ਦਿੱਲੀ, 19 ਸਤੰਬਰ (ਪੋਸਟ ਬਿਊਰੋ): 96 ਸਾਲ ਪੁਰਾਣੀ ਸੰਸਦ ਭਵਨ ਵਿਚ ਅੱਜ ਕਾਰਵਾਈ ਦਾ ਆਖਰੀ ਦਿਨ ਸੀ। ਅਜ਼ਾਦੀ ਅਤੇ ਸੰਵਿਧਾਨ ਨੂੰ ਅਪਣਾਉਣ ਦੀ ਗਵਾਹ ਬਣੀ ਇਸ ਇਮਾਰਤ ਨੂੰ ਦੋਨਾਂ ਪਾਸਿਆਂ ਦੇ ਸਾਰੇ ਸੰਸਦ ਮੈਂਬਰ ਵਿਦਾਇਗੀ ਦੇਣ ਲਈ ਪਹੁੰਚੇ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸਾਰਿਆਂ ਨਾਲ ਫੋਟੋ ਖਿਚਵਾਈ। ਇਸ ਤੋਂ ਬਾਅਦ ਸਾਰੇ ਸੰਸਦ ਮੈਂਬਰ ਸੈਂਟਰਲ ਹਾਲ ਪਹੁੰਚੇ।

ਸੈਂਟਰਲ ਹਾਲ ਵਿਚ ਆਪਣੇ ਤਜ਼ਰਬੇ ਸਾਂਝੇ ਕਰਦੇ ਹੋਏ ਕੁਝ ਸੰਸਦ ਮੈਂਬਰ ਭਾਵੁਕ ਹੋ ਗਏ, ਕੁਝ ਨੇ ਇਸ ਨੂੰ ਮਾਣ ਦਾ ਪਲ ਦੱਸਿਆ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸੰਸਦ ਦਾ ਸੈਂਟਰਲ ਹਾਲ ਸਾਨੂੰ ਭਾਵੁਕ ਬਣਾਉਂਦਾ ਹੈ ਅਤੇ ਡਿਊਟੀ ਲਈ ਪ੍ਰੇਰਿਤ ਕਰਦਾ ਹੈ। ਇੱਥੇ 1947 ਵਿੱਚ ਬ੍ਰਿਟਿਸ਼ ਸਰਕਾਰ ਨੇ ਸੱਤਾ ਦਾ ਤਬਾਦਲਾ ਕੀਤਾ ਸੀ। ਬਾਅਦ ਵਿੱਚ ਇੱਥੇ ਸੰਵਿਧਾਨ ਵੀ ਬਣ ਗਿਆ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਅਸੀਂ ਇੱਥੋਂ ਵਿਦਾਇਗੀ ਲੈ ਕੇ ਸੰਸਦ ਦੀ ਨਵੀਂ ਇਮਾਰਤ ਵਿੱਚ ਬੈਠਣ ਜਾ ਰਹੇ ਹਾਂ ਅਤੇ ਇਹ ਬਹੁਤ ਸ਼ੁਭ ਗੱਲ ਹੈ ਕਿ ਅਸੀਂ ਗਣੇਸ਼ ਚਤੁਰਥੀ ਦੇ ਦਿਨ ਉੱਥੇ ਬੈਠੇ ਹਾਂ। ਅੱਜ, ਨਵੀਂ ਸੰਸਦ ਭਵਨ ਵਿਚ, ਅਸੀਂ ਸਾਰੇ ਮਿਲ ਕੇ ਨਵੇਂ ਭਵਿੱਖ ਲਈ ਸ੍ਰੀ ਗਣੇਸ਼ ਕਰਨ ਜਾ ਰਹੇ ਹਾਂ।

ਪ੍ਰਧਾਨ ਮੰਤਰੀ ਨੇ ਪੁਰਾਣੇ ਸੰਸਦ ਭਵਨ ਨੂੰ ਸੰਵਿਧਾਨ ਭਵਨ ਦੇ ਨਾਮ ਨਾਲ ਬੁਲਾਉਣ ਦਾ ਪ੍ਰਸਤਾਵ ਰੱਖਿਆ। ਸੈਂਟਰਲ ਹਾਲ ਵਿਚ ਮੌਜੂਦ ਸੰਸਦ ਮੈਂਬਰਾਂ ਨੇ ਮੇਜ਼ ਥਪਥਪਾਉਂਦੇ ਹੋਏ ਇਸ 'ਤੇ ਸਹਿਮਤੀ ਜਤਾਈ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਪੁਰਾਣੇ ਸਦਨ ਦੀ ਸ਼ਾਨ ਨੂੰ ਕਦੇ ਵੀ ਘੱਟ ਨਹੀਂ ਹੋਣਾ ਚਾਹੀਦੀ। ਸਾਡੀ ਪ੍ਰੇਰਨਾ ਸੰਵਿਧਾਨ ਸਦਨ ਨਾਲ ਬਣੀ ਰਹੇਗੀ।





















# ਮਹਿਲਾ ਰਾਖਵਾਂਕਰਨ ਬਿੱਲ ਨੂੰ ਲੈ ਕੇ ਅਮਿਤ ਸ਼ਾਹ ਅਤੇ ਅਧੀਰ ਰੰਜਨ ਚੌਧਰੀ ਵਿਚਾਲੇ ਹੋਈ ਬਹਿਸ

ਨਵੀਂ ਦਿੱਲੀ, 19 ਸਤੰਬਰ (ਪੋਸਟ ਬਿਊਰੋ): ਸੰਸਦ ਦੇ ਵਿਸ਼ੇਸ਼ ਸੈਸ਼ਨ ਦਾ ਅੱਜ ਦੂਜਾ ਦਿਨ ਹੈ। ਅੱਜ ਨਵੇਂ ਸੰਸਦ ਭਵਨ ਵਿਚ ਸੰਸਦ ਦੀ ਕਾਰਵਾਈ ਚੱਲ ਰਹੀ ਹੈ। ਨਵੀਂ ਸੰਸਦ ਭਵਨ ਦੇ ਸ਼ੁਰੂ ਵਿੱਚ ਹੀ ਮਹਿਲਾ ਰਾਖਵਾਂਕਰਨ ਬਿੱਲ ਨੂੰ ਲੈ ਕੇ ਭਾਰੀ ਹੰਗਾਮਾ ਹੋਇਆ। ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਕਾਂਗਰਸ ਦੇ ਸੰਸਦ ਮੈਂਬਰ ਅਧੀਰ ਰੰਜਨ ਚੌਧਰੀ ਵਿਚਾਲੇ ਤਿੱਖੀ ਬਹਿਸ ਹੋਈ।



ਦਰਅਸਲ ਇਹ ਬਿੱਲ ਕੌਣ ਲੈ ਕੇ ਆਇਆ ਇਸਨੂੰ ਲੈ ਕੇ ਪਾਰਟੀਆਂ ਅਤੇ ਵਿਰੋਧੀ ਧਿਰਾਂ ਵਿਚਾਲੇ ਤਕਰਾਰ ਚੱਲ ਰਹੀ ਹੈ। ਅਧੀਰ ਰੰਜਨ ਲਗਾਤਾਰ ਮਹਿਲਾ ਰਿਜ਼ਰਵੇਸ਼ਨ ਬਿੱਲ ਨੂੰ ਕਾਂਗਰਸ ਸਰਕਾਰ ਦੀ ਪਹਿਲ ਦੱਸ ਰਹੇ ਹਨ। ਉਨ੍ਹਾਂ ਦਾ ਕਹਿਣਾ ਹੈ ਕਿ ਮਹਿਲਾ ਰਿਜ਼ਰਵੇਸ਼ਨ ਬਿੱਲ ਦੀ ਮੰਗ ਯੂ.ਪੀ.ਏ. ਨੇ ਸ਼ੁਰੂ ਕੀਤੀ ਸੀ। ਇਸ 'ਤੇ ਅਮਿਤ ਸ਼ਾਹ ਨੇ ਨਵੇਂ ਸੰਸਦ ਭਵਨ ਵਿਚ ਕਿਹਾ ਕਿ ਅਧੀਰ ਰੰਜਨ ਚੌਧਰੀ ਕਹਿੰਦੇ ਹਨ ਕਿ ਪੁਰਾਣਾ ਬਿੱਲ ਅਜੇ ਵੀ ਜਿਉਂ ਦਾ ਤਿਉਂ ਹੈ, ਜਦਕਿ ਸਪੱਸ਼ਟ ਜਾਣਕਾਰੀ ਹੈ ਕਿ ਪੁਰਾਣੇ ਬਿੱਲ ਦੀ ਵੈਧਤਾ ਖਤਮ ਹੋ ਗਈ ਹੈ।

ਅਮਿਤ ਸ਼ਾਹ ਨੇ ਕਿਹਾ ਕਿ ਕੀ ਚੌਧਰੀ ਕੋਲ ਉਸ ਗੱਲ ਦਾ ਸਮਰਥਨ ਕਰਨ ਲਈ ਕੋਈ ਦਸਤਾਵੇਜ਼ ਹਨ ਜੋ ਉਹ ਦਾਅਵਾ ਕਰ ਰਹੇ ਹਨ? ਉਨ੍ਹਾਂ ਕਿਹਾ ਕਿ ਜੇਕਰ ਕਾਂਗਰਸੀ ਸੰਸਦ ਮੈਂਬਰ ਕੋਲ ਇਸ ਸਬੰਧੀ ਕੋਈ ਦਸਤਾਵੇਜ਼ ਹਨ ਤਾਂ ਉਹ ਸਾਹਮਣੇ ਰੱਖੇ ਜਾਣ। ਗ੍ਰਹਿ ਮੰਤਰੀ ਨੇ ਅੱਗੇ ਕਿਹਾ ਕਿ ਜੇਕਰ ਕੋਈ ਕਾਗਜ਼ ਨਹੀਂ ਪੇਸ਼ ਕਰ ਸਕਦੇ ਤਾਂ ਕਾਂਗਰਸੀ ਆਗੂ ਨੂੰ ਆਪਣਾ ਬਿਆਨ ਵਾਪਸ ਲੈਣਾ ਚਾਹੀਦਾ ਹੈ।

ਉਨ੍ਹਾਂ ਕਿਹਾ ਕਿ ਚੌਧਰੀ ਨੇ ਇਹ ਵੀ ਕਿਹਾ ਹੈ ਕਿ ਇਹ ਬਿੱਲ ਰਾਜੀਵ ਗਾਂਧੀ ਦੇ ਸਮੇਂ ਲੋਕ ਸਭਾ ਵਿੱਚ ਪਾਸ ਹੋਇਆ ਸੀ, ਜਦਕਿ ਅਜਿਹਾ ਕਦੇ ਨਹੀਂ ਹੋਇਆ। ਅਮਿਤ ਸ਼ਾਹ ਦੇ ਇਹ ਬੋਲਦੇ ਹੀ ਸੰਸਦ 'ਚ ਭਾਰੀ ਹੰਗਾਮਾ ਹੋ ਗਿਆ। ਵਿਰੋਧੀ ਆਗੂਆਂ ਦੇ ਜ਼ੋਰਦਾਰ ਹੰਗਾਮੇ ਦਰਮਿਆਨ ਸ਼ਾਹ ਨੇ ਕਿਹਾ ਕਿ ਮੈਨੂੰ ਪੂਰਾ ਬੋਲਣ ਦਿਓ। ਇਸ ਦੇ ਨਾਲ ਹੀ ਲੋਕ ਸਭਾ ਸਪੀਕਰ ਵੀ ਵਿਰੋਧੀ ਸੰਸਦ ਮੈਂਬਰਾਂ ਨੂੰ ਸ਼ਾਂਤ ਕਰਦੇ ਨਜ਼ਰ ਆਏ।

ਅਮਿਤ ਸ਼ਾਹ ਨੇ ਅੱਗੇ ਗੱਲ ਜਾਰੀ ਰੱਖੀ ਅਤੇ ਕਿਹਾ ਕਿ ਜੇਕਰ ਬਿੱਲ ਲੋਕ ਸਭਾ ਵਿੱਚ ਪਾਸ ਹੋ ਜਾਂਦਾ ਹੈ ਅਤੇ ਰਾਜ ਸਭਾ ਵਿੱਚ ਪਾਸ ਨਹੀਂ ਹੁੰਦਾ। ਇਸ ਦੇ ਨਾਲ ਹੀ ਜੇਕਰ ਉਸ ਸਮੇਂ ਦੌਰਾਨ ਲੋਕ ਸਭਾ ਦਾ ਕਾਰਜਕਾਲ ਖਤਮ ਹੋ ਜਾਂਦਾ ਹੈ, ਤਾਂ ਬਿੱਲ ਆਪਣੇ ਆਪ ਨੂੰ ਰੱਦ ਮੰਨਿਆ ਜਾਂਦਾ ਹੈ। ਸ਼ਾਹ ਨੇ ਕਿਹਾ ਕਿ ਉਨ੍ਹਾਂ ਦਾ ਮੰਨਣਾ ਹੈ ਕਿ ਇਸ 'ਤੇ ਸਪੱਸ਼ਟਤਾ ਹੋਣੀ ਚਾਹੀਦੀ ਹੈ। ਜੇਕਰ ਅਧੀਰ ਰੰਜਨ ਚੌਧਰੀ ਕੋਲ ਇਸ ਸਬੰਧੀ ਕੋਈ ਜਾਣਕਾਰੀ ਹੈ ਤਾਂ ਉਹ ਸਦਨ ਵਿੱਚ ਪੇਸ਼ ਕਰਨ।

# ਰਾਜ ਸਭਾ ਵਿਚ ਖੜਗੇ-ਸੀਤਾਰਮਨ ਵਿਚਾਲੇ ਜੀ. ਐੱਸ. ਟੀ. ਅਤੇ ਔਰਤਾਂ ਦੇ ਮੁੱਦੇ 'ਤੇ ਹੋਈ ਬਹਿਸ

ਨਵੀਂ ਦਿੱਲੀ, 19 ਸਤੰਬਰ (ਪੋਸਟ ਬਿਊਰੋ): ਨਵੇਂ ਸੰਸਦ ਭਵਨ ਵਿਚ ਰਾਜ ਸਭਾ ਦੀ ਪਹਿਲੀ ਬੈਠਕ ਦੌਰਾਨ ਵਿਰੋਧੀ ਧਿਰ ਦੇ ਆਗੂ ਮਲਿਕਾਰਜੁਨ ਖੜਗੇ ਅਤੇ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਵਿਚਾਲੇ ਤਿੱਖੀ ਬਹਿਸ ਹੋ ਗਈ। ਅਜਿਹਾ ਦੋ ਵਾਰ ਹੋਇਆ। ਪਹਿਲੀ ਵਾਰ ਜਦੋਂ ਖੜਗੇ ਨੇ ਜੀਐੱਸਟੀ ਦਾ ਜ਼ਿਕਰ ਕੀਤਾ ਅਤੇ ਦੂਜੀ ਵਾਰ ਜਦੋਂ ਉਨ੍ਹਾਂ ਕਿਹਾ ਕਿ ਅਨੁਸੂਚਿਤ ਜਾਤੀ ਦੀਆਂ ਔਰਤਾਂ ਦੀ ਸਾਖਰਤਾ ਦਰ ਘੱਟ ਹੈ। ਇਸ ਕਰਕੇ ਸਿਆਸੀ ਪਾਰਟੀਆਂ ਨੂੰ ਕਮਜ਼ੋਰ ਔਰਤਾਂ ਨੂੰ ਚੁਣਨ ਦੀ ਆਦਤ ਹੈ। ਦੋਵੇਂ ਵਾਰ ਨਿਰਮਲਾ ਸੀਤਾਰਮਨ ਨੇ ਖੜਗੇ 'ਤੇ ਤਿੱਖੇ ਹਮਲੇ ਕੀਤੇ।



ਰਾਜ ਸਭਾ ਵਿਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਭਾਸ਼ਣ ਤੋਂ ਬਾਅਦ ਵਿਰੋਧੀ ਧਿਰ ਦੇ ਆਗੂ ਮਲਿਕਾਰਜੁਨ ਖੜਗੇ ਬੋਲਣ ਪਹੁੰਚੇ। ਮਹਿਲਾ ਰਿਜ਼ਰਵੇਸ਼ਨ ਬਿੱਲ 'ਤੇ ਚਰਚਾ ਕਰਦੇ ਹੋਏ ਉਨ੍ਹਾਂ ਕਿਹਾ- ਦਲਿਤ ਅਤੇ ਪਛੜੀਆਂ ਜਾਤੀਆਂ ਦੀਆਂ ਔਰਤਾਂ ਨੂੰ ਉਹ ਮੌਕੇ ਨਹੀਂ ਮਿਲਦੇ ਜੋ ਬਾਕੀ ਸਾਰਿਆਂ ਨੂੰ ਮਿਲਦੇ ਹਨ। 2010 ਵਿੱਚ, ਕਾਂਗਰਸ-ਯੂਪੀਏ ਸਰਕਾਰ ਨੇ ਰਾਜ ਸਭਾ ਵਿੱਚ ਮਹਿਲਾ ਰਾਖਵਾਂਕਰਨ ਬਿੱਲ ਪਾਸ ਕਰਵਾਇਆ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਐਸਸੀ-ਐਸਟੀ ਵਰਗ ਨੂੰ ਰਾਜਨੀਤੀ ਵਿੱਚ ਸੰਵਿਧਾਨਕ ਮੌਕਾ ਮਿਲਿਆ ਹੈ, ਉਸੇ ਤਰ੍ਹਾਂ ਇਸ ਬਿੱਲ ਰਾਹੀਂ ਓਬੀਸੀ ਵਰਗ ਦੀਆਂ ਔਰਤਾਂ ਸਮੇਤ ਸਾਰਿਆਂ ਨੂੰ ਬਰਾਬਰ ਦਾ ਮੌਕਾ ਮਿਲਣਾ ਚਾਹੀਦਾ ਹੈ।

ਇਸਤੋਂ ਬਾਅਦ ਸੱਤਾਧਾਰੀ ਧਿਰ ਨੇ ਹੰਗਾਮਾ ਸ਼ੁਰੂ ਕਰ ਦਿੱਤਾ। ਵਿੱਤ ਮੰਤਰੀ ਨਿਰਮਲਾ ਸੀਤਾਰਮਨ ਨੇ ਕਿਹਾ ਕਿ ਦੇਸ਼ ਦਾ ਰਾਸ਼ਟਰਪਤੀ ਕੌਣ ਹੈ? ਉਹ ਕਬਾਇਲੀ ਸਮਾਜ ਤੋਂ ਆਉਣ ਵਾਲੀ ਔਰਤ ਹੈ। ਜਿਸ ਪਾਰਟੀ ਦੇ ਤੁਸੀਂ ਪ੍ਰਧਾਨ ਹੋ, ਉਸ ਦੀ ਕਈ ਸਾਲਾਂ ਤੋਂ ਇਕ ਔਰਤ ਹੀ ਪ੍ਰਧਾਨ ਰਹੀ ਹੈ।

ਸਰਕਾਰ ਅਤੇ ਵਿਰੋਧੀ ਧਿਰ ਵਿਚਾਲੇ ਲੰਬੇ ਹੰਗਾਮੇ ਤੋਂ ਬਾਅਦ ਵੀ ਖੜਗੇ ਨੇ ਆਪਣਾ ਭਾਸ਼ਣ ਜਾਰੀ ਰੱਖਿਆ। ਉਨ੍ਹਾਂ ਕਿਹਾ ਕਿ ਮੈਂ ਇਸ ਬਿੱਲ ਦਾ ਸਵਾਗਤ ਕਰਦਾ ਹਾਂ। ਇਹ ਬਿੱਲ 2010 ਵਿੱਚ ਰਾਜ ਸਭਾ ਵਿੱਚ ਪਾਸ ਹੋ ਚੁੱਕਾ ਹੈ। ਮੈਂ ਇਹ ਯਕੀਨੀ ਬਣਾਉਣ ਦੀ ਕੋਸ਼ਿਸ਼ ਕਰ ਰਿਹਾ ਸੀ ਕਿ ਜੋ ਕਾਨੂੰਨ ਬਣਿਆ ਹੈ, ਉਸ ਦਾ ਲਾਭ ਗਰੀਬਾਂ ਅਤੇ ਔਰਤਾਂ ਨੂੰ ਮਿਲੇ। ਮੈਂ ਉਸਨੂੰ ਉਤਸ਼ਾਹਿਤ ਕਰਨ ਲਈ ਬੋਲ ਰਿਹਾ ਸੀ, ਪਰ ਉਨ੍ਹਾਂ ਨੇ ਰੋਕ ਦਿੱਤਾ। ਤੁਹਾਡੇ ਸ਼ਾਸਨ ਵਿੱਚ ਸੰਘੀ ਢਾਂਚਾ ਕਮਜ਼ੋਰ ਹੋ ਰਿਹਾ ਹੈ।

ਦੋਵਾਂ ਧਿਰਾਂ ਨੂੰ ਸ਼ਾਂਤ ਕਰਨ ਲਈ ਮੀਤ ਪ੍ਰਧਾਨ ਜਗਦੀਪ ਧਨਖੜ ਨੇ ਕਿਹਾ ਕਿ ਅੱਜ ਇਤਿਹਾਸਕ ਦਿਨ ਹੈ। ਇਸ ਨੂੰ ਹੰਗਾਮਾ ਨਾ ਹੋਣ ਦਿਓ। ਇਹ ਮੁੱਦਾ ਬਹੁਤ ਅਹਿਮ ਹੈ, ਕਈ ਕੋਸ਼ਿਸ਼ਾਂ ਕੀਤੀਆਂ ਗਈਆਂ, ਪਰ ਇਹ ਬਿੱਲ ਪਾਸ ਨਹੀਂ ਹੋ ਸਕਿਆ।

ਖੜਗੇ ਨੇ ਦਾਅਵਾ ਕੀਤਾ ਕਿ ਸੂਬਿਆਂ ਨੂੰ ਜੀਐਸਟੀ ਦੀ ਰਾਸ਼ੀ ਸਮੇਂ ਸਿਰ ਨਹੀਂ ਮਿਲ ਰਹੀ ਹੈ। ਕੁਝ ਸੂਬਿਆਂ ਨੂੰ ਜੀਐਸਟੀ, ਮਨਰੇਗਾ, ਖੇਤੀਬਾੜੀ, ਸਿੰਚਾਈ ਸਮੇਤ ਕਈ ਪ੍ਰੋਗਰਾਮਾਂ ਲਈ ਸਮੇਂ ਸਿਰ ਗ੍ਰਾਂਟਾਂ ਨਹੀਂ ਮਿਲਦੀਆਂ। ਕੀ ਇਸ ਨਾਲ ਅਜਿਹੇ ਰਾਜ ਕਮਜ਼ੋਰ ਨਹੀਂ ਹੋਣਗੇ? ਉਨ੍ਹਾਂ ਕਿਹਾ ਕਿ ਭਾਜਪਾ ਸਿਰਫ਼ ਲੋਕਤੰਤਰ ਦੀ ਗੱਲ ਕਰਦੀ ਹੈ ਪਰ ਇਸ ਨੇ ਕਈ ਰਾਜਾਂ ਵਿੱਚ ਲੋਕਤੰਤਰੀ ਢੰਗ ਨਾਲ ਚੁਣੀਆਂ ਹੋਈਆਂ ਸਰਕਾਰਾਂ ਨੂੰ ਡੇਗ ਦਿੱਤਾ ਹੈ।

ਵਿੱਤ ਮੰਤਰੀ ਸੀਤਾਰਮਨ ਨੇ ਪਲਟਵਾਰ ਕਰਦੇ ਹੋਏ ਕਿਹਾ ਕਿ ਵਿਰੋਧੀ ਧਿਰ ਦੇ ਆਗੂ ਦਾ ਬਿਆਨ ਅਸਲ ਵਿੱਚ ਗਲਤ ਹੈ। ਕੇਂਦਰ ਸਰਕਾਰ ਨੇ ਰਾਜਾਂ ਨੂੰ ਕਰਜ਼ਾ ਲੈ ਕੇ ਜੀ.ਐੱਸ.ਟੀ. ਰਾਜਾਂ ਨੂੰ ਜੀਐਸਟੀ ਵੀ ਹਰ ਵਾਰ ਇੱਕ ਜਾਂ ਦੋ ਮਹੀਨੇ ਪਹਿਲਾਂ ਅਦਾ ਕੀਤਾ ਜਾਂਦਾ ਸੀ। ਕਿਸੇ ਵੀ ਰਾਜ ਦਾ ਕੋਈ ਵੀ ਜੀਐਸਟੀ ਪੈਸਾ ਕੇਂਦਰ ਵੱਲ ਬਕਾਇਆ ਨਹੀਂ ਹੈ।

# ਮੈਟਲ ਡਿਟੈਕਟਰ ਨਾਲ ਘੁੰਮ ਰਿਹਾ ਸੀ ਇੱਕ ਵਿਅਕਤੀ, ਲੱਭਿਆ ਡੇਢ ਹਜ਼ਾਰ ਪੁਰਾਣਾ ਖਜ਼ਾਨਾ

ਨਾਰਵੇ, 19 ਸਤੰਬਰ (ਪੋਸਟ ਬਿਊਰੋ): ਨਾਰਵੇ ਵਿਚ ਸੈਰ ਕਰ ਰਹੇ ਇਕ ਵਿਅਕਤੀ ਨੂੰ ਖਜ਼ਾਨਾ ਮਿਲਿਆ ਹੈ। ਇਹ ਮਾਮਲਾ ਯੂਰਪੀ ਦੇਸ਼ ਨਾਰਵੇ ਦਾ ਹੈ, ਜਿੱਥੇ ਇਕ ਵਿਅਕਤੀ ਨੂੰ ਵੱਡਾ ਖਜ਼ਾਨਾ ਮਿਲਿਆ ਹੈ। ਇਹ ਉਹ ਕੀਮਤੀ ਵਸਤੂਆਂ ਹਨ ਜੋ ਡੇਢ ਹਜ਼ਾਰ ਸਾਲ ਪਹਿਲਾਂ ਲੋਕ ਵਰਤਦੇ ਸਨ। ਉਸ ਨੂੰ ਬਹੁਤ ਸਾਰਾ ਸੋਨਾ ਮਿਲਿਆ। ਮਿਲੇ ਸੋਨੇ ਦੇ ਸਮਾਨ ਵਿੱਚ 9 ਪੈਂਡੈਂਟ, 3 ਮੁੰਦਰੀਆਂ ਅਤੇ 10 ਸੋਨੇ ਦੇ ਮੋਤੀ ਸ਼ਾਮਿਲ ਹਨ।



ਯੂਰਪੀ ਦੇਸ਼ ਨਾਰਵੇ ਦੇ ਰਹਿਣ ਵਾਲੇ ਏਰਲੈਂਡ ਬੋਰੇ ਨਾਂ ਦੇ 51 ਸਾਲਾ ਵਿਅਕਤੀ ਨੂੰ ਦੱਖਣੀ ਟਾਪੂ ਰੇਨੇਸੋ 'ਤੇ ਇਹ ਖਜ਼ਾਨਾ ਮਿਲਿਆ ਹੈ। ਦਰਅਸਲ, ਇਹ ਵਿਅਕਤੀ ਬਿਮਾਰੀ ਦਾ ਸਾਹਮਣਾ ਕਰ ਰਿਹਾ ਸੀ। ਇਸ ਕਾਰਨ ਡਾਕਟਰਾਂ ਨੇ ਉਸ ਨੂੰ ਕਿਹਾ ਕਿ ਸਾਰਾ ਦਿਨ ਬੈਠਣ ਦੀ ਬਜਾਏ ਇੱਧਰ-ਉੱਧਰ ਘੁੰਮਣਾ ਬਿਹਤਰ ਹੈ। ਇਸ ਤੋਂ ਬਾਅਦ ਏਰਲੈਂਡ ਨੇ ਸੈਰ ਕਰਨ ਦੇ ਬਹਾਨੇ ਮੈਟਲ ਡਿਟੈਕਟਰ ਖਰੀਦਣ ਬਾਰੇ ਸੋਚਿਆ। ਹੁਣ ਉਨ੍ਹਾਂ ਕੋਲ ਇੰਨਾ ਸੋਨਾ ਆ ਗਿਆ ਹੈ ਕਿ ਇਸ ਘਟਨਾ ਬਾਰੇ ਜੋ ਵੀ ਜਾਣਦਾ ਹੈ ਹੈਰਾਨ ਰਹਿ ਜਾਂਦਾ ਹੈ।

ਸਟੈਵੈਂਜਰ ਯੂਨੀਵਰਸਿਟੀ ਦੇ ਪੁਰਾਤੱਤਵ ਮਿਊਜ਼ੀਅਮ ਦੇ ਨਿਰਦੇਸ਼ਕ ਓਲੇ ਮੈਡਸਨ ਨੇ ਕਿਹਾ ਕਿ ਇਕ ਸਮੇਂ ਵਿੱਚ ਇਨਾ ਜ਼ਿਆਦਾ ਸੋਨਾ ਮਿਲਣਾ ਬਹੁਤ ਅਸਾਧਾਰਨ ਹੈ। ਏਰਲੈਂਡ ਨੇ ਅਗਸਤ ਦੇ ਮਹੀਨੇ ਪਹਾੜੀ ਟਾਪੂਆਂ 'ਤੇ ਆਪਣੇ ਮੈਟਲ ਡਿਟੈਕਟਰ ਨਾਲ ਤੁਰਨਾ ਸ਼ੁਰੂ ਕੀਤਾ ਸੀ। ਪਹਿਲਾਂ ਤਾਂ ਉਨ੍ਹਾਂ ਨੂੰ ਸਿਰਫ ਕੂੜਾ ਹੀ ਨਜ਼ਰ ਆ ਰਿਹਾ ਸੀ ਪਰ ਬਾਅਦ ਵਿਚ ਉਨ੍ਹਾਂ ਨੂੰ ਕੁਝ ਅਜੀਬ ਲੱਗਾ। ਜਦੋਂ ਉਸਨੇ ਇਸਦਾ ਭਾਰ ਦੇਖਿਆ ਤਾਂ ਇਹ 100 ਗ੍ਰਾਮ ਤੋਂ ਵੱਧ ਸੀ। ਜਦੋਂ ਉਸ ਨੇ ਇਸ ਚੀਜ਼ ਨੂੰ ਬਾਹਰ ਕੱਢਿਆ ਤਾਂ ਉਹ ਹੈਰਾਨ ਰਹਿ ਗਿਆ।

ਇਸ ਦੇਸ਼ ਦੇ ਕਾਨੂੰਨ ਅਨੁਸਾਰ 1537 ਤੋਂ ਪੁਰਾਣੇ ਮਾਲ ਅਤੇ 1650 ਤੋਂ ਪੁਰਾਣੇ ਸਿੱਕੇ ਨੂੰ ਸਰਕਾਰੀ ਜਾਇਦਾਦ ਮੰਨਿਆ ਜਾਂਦਾ ਹੈ। ਇਹ ਸਾਮਾਨ ਸਰਕਾਰ ਨੂੰ ਸੌਂਪਣਾ ਹੁੰਦਾ ਹੈ। ਇਸ ਮਾਮਲੇ ਵਿੱਚ ਐਸੋਸੀਏਟ ਪ੍ਰੋਫੈਸਰ ਹਾਕੋਨ ਰੇਇਰਸਨ ਨੇ ਕਿਹਾ ਕਿ ਗਹਿਣਿਆਂ ਦਾ ਇੱਕ ਟੁਕੜਾ ਹੈ ਜੋ ਸੋਨੇ ਦੇ ਤਗਮੇ ਵਰਗਾ ਲੱਗਦਾ ਹੈ। ਇਸ ਦੇ ਸਿਰਫ਼ ਇੱਕ ਪਾਸੇ ਸੋਨਾ ਹੈ। ਇਸ ਤਰ੍ਹਾਂ ਦੀ ਖੋਜ 19ਵੀਂ ਸਦੀ ਤੋਂ ਬਾਅਦ ਨਹੀਂ ਹੋਈ ਹੈ। ਇਸ ਮਾਮਲੇ ਦੇ ਇੱਕ ਹੋਰ ਮਾਹਿਰ ਪ੍ਰੋਫੈਸਰ ਸਿਗ-ਮੰਡ ਓਹਰਲ ਦਾ ਕਹਿਣਾ ਹੈ ਕਿ ਅਜਿਹੇ 1000 ਗੋਲਡਨ ਬਰੈਕਟੇਟ ਮਿਲੇ ਹਨ।

# ਜਿਮ ਵਿਚ ਟ੍ਰੇਡਮਿਲ 'ਤੇ ਦੌੜਦੇ ਸਮੇਂ ਨੌਜਵਾਨ ਦੀ ਹੋਈ ਮੌਤ

ਗਾਜ਼ੀਆਬਾਦ, 19 ਸਤੰਬਰ (ਪੋਸਟ ਬਿਊਰੋ): ਗਾਜ਼ੀਆਬਾਦ ਦੇ ਇੱਕ ਜਿਮ ਵਿੱਚ ਟ੍ਰੇਡਮਿਲ 'ਤੇ ਦੌੜਦੇ ਸਮੇਂ ਇੱਕ ਨੌਜਵਾਨ ਦੀ ਮੌਤ ਹੋ ਗਈ। ਇਸ 20 ਸਾਲਾ ਨੌਜਵਾਨ ਦੀ ਟ੍ਰੇਡਮਿਲ 'ਤੇ ਡਿੱਗ ਕੇ ਮੌਤ ਹੋ ਗਈ। ਇਸ ਘਟਨਾ ਦੀ ਸੀਸੀਟੀਵੀ ਫੁਟੇਜ ਵੀ ਸਾਹਮਣੇ ਆਈ ਹੈ। ਮੰਨਿਆ ਜਾ ਰਿਹਾ ਹੈ ਕਿ ਨੌਜਵਾਨ ਦੀ ਮੌਤ ਦਿਲ ਦਾ ਦੌਰਾ ਪੈਣ ਨਾਲ ਹੋਈ ਹੈ। ਮਾਮਲਾ ਖੋੜਾ ਥਾਣਾ ਖੇਤਰ ਦਾ ਹੈ।



ਨੌਜਵਾਨ ਦੀ ਪਛਾਣ ਸਿਧਾਰਥ ਕੁਮਾਰ ਸਿੰਘ ਵਜੋਂ ਹੋਈ ਹੈ। ਉਹ ਸਰਸਵਤੀ ਵਿਹਾਰ ਖੋੜਾ ਕਾਲੋਨੀ ਦਾ ਰਹਿਣ ਵਾਲਾ ਸੀ। ਸੀਸੀਟੀਵੀ ਫੁਟੇਜ ਤੋਂ ਪਤਾ ਚੱਲਦਾ ਹੈ ਕਿ 16 ਸਤੰਬਰ ਨੂੰ ਦੁਪਹਿਰ 12 ਵਜੇ ਦੇ ਕਰੀਬ ਸਿਧਾਰਥ ਜਿਮ ਵਿੱਚ ਟ੍ਰੈਡਮਿਲ 'ਤੇ ਦੌੜ ਰਿਹਾ ਸੀ। ਇਸ ਦੌਰਾਨ ਉਹ ਅਚਾਨਕ ਹੇਠਾਂ ਡਿੱਗ ਗਿਆ। ਉਸਦੇ ਪਿੱਛੇ ਜਿਮ ਕਰ ਰਹੇ ਦੋ ਵਿਅਕਤੀ ਤੁਰੰਤ ਉਸਦੇ ਕੋਲ ਆਏ। ਉਹ ਸਿਧਾਰਥ ਨੂੰ ਚੁੱਕ ਕੇ ਨਜ਼ਦੀਕੀ ਹਸਪਤਾਲ ਲੈ ਗਏ। ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ।

ਸੀਸੀਟੀਵੀ ਫੁਟੇਜ ਦੇਖ ਕੇ ਇਹ ਵੀ ਸਪੱਸ਼ਟ ਹੁੰਦਾ ਹੈ ਕਿ ਟ੍ਰੇਡਮਿਲ ਦੀ ਰਫ਼ਤਾਰ ਪਹਿਲਾਂ ਤੇਜ਼ ਸੀ। ਪਰ ਜਿਵੇਂ ਹੀ ਉਨ੍ਹਾਂ ਦੀ ਸਿਹਤ ਵਿਗੜ ਗਈ, ਸਿਧਾਰਥ ਨੇ ਆਪਣੀ ਰਫਤਾਰ ਘੱਟ ਕਰ ਦਿੱਤੀ। ਕਿਉਂਕਿ ਜਿਵੇਂ ਹੀ ਸਿਧਾਰਥ ਟ੍ਰੈਡਮਿਲ 'ਤੇ ਡਿੱਗਿਆ, ਮਸ਼ੀਨ ਨੇ ਵੀ ਚੱਲਣਾ ਬੰਦ ਕਰ ਦਿੱਤਾ।

ਦੱਸਿਆ ਜਾ ਰਿਹਾ ਹੈ ਕਿ ਸਿਧਾਰਥ ਦਾ ਪਰਿਵਾਰ ਮੂਲ ਰੂਪ ਤੋਂ ਬਿਹਾਰ ਦਾ ਰਹਿਣ ਵਾਲਾ ਹੈ। ਉਹ ਗਾਜ਼ੀਆਬਾਦ ਵਿੱਚ ਪੜ੍ਹਦਾ ਸੀ ਅਤੇ ਉਸਦੇ ਪਿਤਾ ਇੱਕ ਦੁਕਾਨ ਚਲਾਉਂਦੇ ਸਨ। ਮ੍ਰਿਤਕ ਦੇਹ ਲੈ ਕੇ ਪਰਿਵਾਰਕ ਮੈਂਬਰ ਬਿਹਾਰ ਲਈ ਰਵਾਨਾ ਹੋ ਗਏ ਹਨ।

# ਸ੍ਰੀ ਮੁਕਤਸਰ ਸਾਹਿਬ ਸੜਕ 'ਤੇ ਨਿੱਜੀ ਕੰਪਨੀ ਦੀ ਬੱਸ ਨਹਿਰ ਵਿਚ ਡਿੱਗੀ, 7 ਲੋਕਾਂ ਦੀ ਮੌਤ

ਸ੍ਰੀ ਮੁਕਤਸਰ ਸਾਹਿਬ, 19 ਸਤੰਬਰ (ਪੋਸਟ ਬਿਊਰੋ): ਸ੍ਰੀ ਮੁਕਤਸਰ ਸਾਹਿਬ-ਕੋਟਕਪੂਰਾ ਰੋਡ 'ਤੇ ਪਿੰਡ ਵੜਿੰਗ ਕੋਲ ਦੀਪ ਟਰਾਂਸਪੋਰਟ ਦੀ ਬੱਸ ਨਹਿਰ ਵਿਚ ਡਿੱਗਣ ਕਾਰਨ ਵੱਡਾ ਹਾਦਸਾ ਵਾਪਰਿਆ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਬੱਸ ਕਾਫ਼ੀ ਤੇਜ਼ ਰਫ਼ਤਾਰ ਵਿਚ ਸੀ, ਜਿਸ ਵਿਚ ਕਾਫ਼ੀ ਸਵਾਰੀਆਂ ਸਵਾਰ ਸਨ। ਸਵਾਰੀਆਂ ਨਾਲ ਭਰੀ ਬੱਸ ਨਹਿਰ ਵਿੱਚ ਡਿੱਗਣ ਕਾਰਨ 7 ਲੋਕਾਂ ਦੀ ਮੌਤ ਹੋਣ ਬਾਰੇ ਕਿਹਾ ਜਾ ਰਿਹਾ ਹੈ। ਜਾਣਕਾਰੀ ਅਨੁਸਾਰ ਕੋਟਕਪੂਰਾ-ਸ੍ਰੀ ਮੁਕਤਸਰ ਸਾਹਿਬ ਰੋਡ 'ਤੇ ਸਵਾਰੀਆਂ ਦੀ ਭਰੀ ਦੀਪ ਕੰਪਨੀ ਦੀ ਬੱਸ ਨਹਿਰ 'ਚ ਡਿੱਗਣ ਨਾਲ ਸੱਤ ਜਣਿਆਂ ਦੀ ਮੌਤ ਹੋ ਗਈ ਹੈ। ਬਚਾਅ ਕਾਰਜ਼ ਲਗਾਤਾਰ ਜਾਰੀ ਹਨ। ਮੌਕੇ 'ਤੇ ਹਾਜ਼ਰ ਲੋਕਾਂ ਮੁਤਾਬਿਕ ਮ੍ਰਿਤਕਾਂ ਦੀ ਗਿਣਤੀ 'ਚ ਵਾਧਾ ਹੋ ਸਕਦਾ ਹੈ।



ਸਿਵਲ ਸਰਜਨ ਸ੍ਰੀ ਮੁਕਤਸਰ ਸਾਹਿਬ ਮੁਤਾਬਿਕ ਨਹਿਰ 'ਚ ਬੱਸ ਡਿੱਗਣ ਦੀ ਘਟਨਾ ਦੌਰਾਨ ਹੁਣ ਤੱਕ ਸੱਤ ਜਣਿਆਂ ਦੀ ਮੌਤ ਹੋ ਚੁੱਕੀ ਹੈ ਅਤੇ ਕਈ ਜਣੇ ਜ਼ਖਮੀ ਹੋ ਗਏ ਹਨ। ਜ਼ਿਲ੍ਹਾ ਪ੍ਰਸ਼ਾਸ਼ਨ ਨੇ ਇਸ ਹਾਦਸੇ ਸਬੰਧੀ ਇੱਕ ਕੰਟਰੋਲ ਰੂਮ ਵੀ ਸਥਾਪਿਤ ਕੀਤਾ ਹੈ, ਜਿੱਥੇ 01633-262175 ਨੰਬਰ 'ਤੇ ਸੰਪਰਕ ਕੀਤਾ ਜਾ ਸਕਦਾ ਹੈ। ਦੱਸਣਯੋਗ ਹੈ ਕਿ ਦੀਪ ਕੰਪਨੀ ਦੀ ਸਵਾਰੀਆਂ ਨਾਲ ਭਰੀ ਬੱਸ ਸ੍ਰੀ ਮੁਕਤਸਰ ਸਾਹਿਬ ਨੇੜਲੇ ਪਿੰਡ ਝਬੇਲਵਾਲੀ ਕੋਲ ਨਹਿਰ 'ਚ ਡਿੱਗ ਗਈ। ਬੱਸ ਦੇ ਡਿੱਗਦਿਆਂ ਸਾਰ ਜਦੋਂ ਸਵਾਰੀਆਂ ਨੂੰ ਬਾਹਰ ਕੱਢਣਾ ਸ਼ੁਰੂ ਕੀਤਾ ਸੀ ਤਾਂ ਦੋ ਜਣਿਆਂ ਦੀ ਮੌਤ ਹੋ ਚੁੱਕੀ ਸੀ ਪਰ ਬਚਾਅ ਕਾਰਜ ਮੀਂਹ ਕਾਰਨ ਹੌਲੀ ਚਲਦਾ ਹੋਣ ਕਰਕੇ ਸੱਤ ਜਣਿਆਂ ਦੀ ਮੌਤ ਹੋ ਚੁੱਕੀ ਹੈ।

Office: 416-654-1010

Sutton

Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com






98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148*. Lovely stucco & vinyl multiplex in the heart of Bradford. Annual Gross Income is Approx $60,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5





A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8




**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L1K0




Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S1A8




Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.

CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜ਼ਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us



CAPITAL DRUG TESTING
Capital DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.

Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



## ਕਰਨਾਟਕ ਹਾਈਕੋਰਟ ਨੇ ਕਿਹਾ: ਸਰਕਾਰ ਸੋਸ਼ਲ ਮੀਡੀਆ ਦੀ ਵਰਤੋਂ ਕਰਨ ਦੀ ਉਮਰ ਤੈਅ ਕਰੇ



ਬੈਂਗਲੁਰੂ, 19 ਸਤੰਭਰ (ਪੋਸਟ ਬਿਊਰੋ): ਕਰਨਾਟਕ ਹਾਈਕੋਰਟ ਨੇ 19 ਸਤੰਬਰ ਨੂੰ ਕਿਹਾ ਕਿ ਸਰਕਾਰ ਨੂੰ ਸੋਸ਼ਲ ਮੀਡੀਆ ਦੀ ਵਰਤੋਂ ਕਰਨ ਦੀ ਉਮਰ ਤੈਅ ਕਰਨੀ ਚਾਹੀਦੀ ਹੈ। ਅਦਾਲਤ ਨੇ ਕਿਹਾ ਕਿ ਸੋਸ਼ਲ ਮੀਡੀਆ ਦੀ ਵਰਤੋਂ ਚੰਗੀ ਗੱਲ ਹੈ ਪਰ ਅੱਜ ਕੱਲ੍ਹ ਸਕੂਲ ਜਾਣ ਵਾਲੇ ਬੱਚੇ ਇਸ ਦੇ ਆਦੀ ਹੋ ਗਏ ਹਨ। ਅਜਿਹੇ ਵਿਚ ਸੋਸ਼ਲ ਮੀਡੀਆ ਦੀ ਵਰਤੋਂ ਕਰਨ ਲਈ ਉਮਰ ਤੈਅ ਕਰਨਾ ਵਰਦਾਨ ਸਾਬਤ ਹੋਵੇਗਾ।

ਅਦਾਲਤ ਨੇ ਕਿਹਾ ਕਿ 17 ਜਾਂ 18 ਸਾਲ ਦੀ ਉਮਰ ਦੇ ਨੌਜਵਾਨ ਸੋਸ਼ਲ ਮੀਡੀਆ ਦੀ ਬਹੁਤ ਵਰਤੋਂ ਕਰਦੇ ਹਨ, ਪਰ ਕੀ ਉਨ੍ਹਾਂ ਵਿਚ ਦੇਸ਼ ਦੇ ਹਿੱਤ ਅਤੇ ਨੁਕਸਾਨ ਨੂੰ ਲੈ ਕੇ ਫੈਸਲੇ ਲੈਣ ਦੀ ਪਰਿਪੱਕਤਾ ਹੈ? ਮਨ ਨੂੰ ਭ੍ਰਿਸ਼ਟ ਕਰਨ ਵਾਲੀਆਂ ਅਜਿਹੀਆਂ ਗੱਲਾਂ ਨੂੰ ਨਾ ਸਿਰਫ਼ ਸੋਸ਼ਲ ਮੀਡੀਆ ਤੋਂ ਸਗੋਂ ਇੰਟਰਨੈੱਟ ਤੋਂ ਵੀ ਹਟਾ ਦੇਣਾ ਚਾਹੀਦਾ ਹੈ। ਸਰਕਾਰ ਨੂੰ ਇਸ ਬਾਰੇ ਸੋਚਣਾ ਚਾਹੀਦਾ ਹੈ।

ਜਸਟਿਸ ਜੀ ਨਰਿੰਦਰ ਅਤੇ ਜਸਟਿਸ ਵਿਜੈ ਕੁਮਾਰ ਏ ਪਾਟਿਲ ਦੀ ਬੈਂਚ ਨੇ ਐਕਸ (ਜੋ ਕਿ ਪਹਿਲਾਂ ਟਵਿੱਟਰ ਸੀ) ਦੀ ਪਟੀਸ਼ਨ 'ਤੇ ਸੁਣਵਾਈ ਕਰਦਿਆਂ ਇਹ ਗੱਲਾਂ ਕਹੀਆਂ।

## ਕੈਪਟਨ ਅਮਰਿੰਦਰ ਨੇ ਨਿੱਝਰ ਦੇ ਕਤਲ ਵਿੱਚ ਭਾਰਤੀ ਸ਼ਮੂਲੀਅਤ ਦੇ ਕੈਨੇਡੀਅਨ ਦੋਸ਼ਾਂ ਨੂੰ ਕੀਤਾ ਖਾਰਜ

### ਇਹ ਕਤਲ ਸਰੀ ਦੇ ਗੁਰਦੁਆਰਾ ਸਾਹਿਬ ਦੇ ਧੜਿਆਂ ਵਿਚਲੀ ਰੰਜਿਸ਼ ਦਾ ਨਤੀਜਾ ਸੀ : ਕੈਪਟਨ ਅਮਰਿੰਦਰ ਸਿੰਘ





ਚੰਡੀਗੜ੍ਹ, 19 ਸਤੰਬਰ (ਪੋਸਟ ਬਿਊਰੋ): ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਅੱਜ ਕੈਨੇਡਾ ਦੇ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦੇ ਉਨ੍ਹਾਂ ਦਾਅਵਿਆਂ ਨੂੰ ਸਿਰੇ ਤੋਂ ਖਾਰਜ ਕਰ ਦਿੱਤਾ ਹੈ ਕਿ ਜੂਨ ਵਿੱਚ ਸਰੀ ਦੇ ਇੱਕ ਗੁਰਦੁਆਰਾ ਸਾਹਿਬ ਦੇ ਬਾਹਰ ਖਾਲਿਸਤਾਨੀ ਕਾਰਕੁਨ ਹਰਦੀਪ ਸਿੰਘ ਨਿੱਝਰ ਦੇ ਕਤਲ ਵਿੱਚ ਭਾਰਤ ਦਾ ਹੱਥ ਸੀ।

ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਇਹ ਕਤਲ ਕੈਨੇਡਾ ਦੇ ਸਰੀ ਸਥਿਤ ਗੁਰੂ ਨਾਨਕ ਸਿੱਖ ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਅੰਦਰਲੀ ਗੁੱਟਬਾਜ਼ੀ ਦਾ ਨਤੀਜਾ ਹੈ।

ਪੰਜਾਬ ਦੇ ਸਾਬਕਾ ਮੁੱਖ ਮੰਤਰੀ ਨੇ ਕਿਹਾ ਕਿ ਟਰੂਡੋ ਬਦਕਿਸਮਤੀ ਨਾਲ ਵੋਟ ਬੈਂਕ ਦੀ ਰਾਜਨੀਤੀ ਦੇ ਜਾਲ ਵਿੱਚ ਫਸ ਗਏ ਹਨ ਅਤੇ ਉਨ੍ਹਾਂ ਨੇ ਭਾਰਤ ਅਤੇ ਕੈਨੇਡਾ ਦੇ ਕੂਟਨੀਤਕ ਸਬੰਧਾਂ ਨੂੰ ਦਾਅ 'ਤੇ ਲਗਾ ਦਿੱਤਾ ਹੈ। ਕੈਪਟਨ ਅਮਰਿੰਦਰ ਸਿੰਘ ਨੇ ਕਿਹਾ ਕਿ ਕਿਸੇ ਦੇਸ਼ ਦੇ ਪ੍ਰਧਾਨ ਮੰਤਰੀ ਲਈ ਬਿਨਾਂ ਕਿਸੇ ਸਬੂਤ ਦੇ ਬਿਆਨ ਦੇਣਾ ਬਹੁਤ ਹੀ ਗੈਰ-ਜ਼ੁੰਮੇਵਾਰਾਨਾ ਹੈ ਕਿਉਂਕਿ ਉਹ ਵੋਟ ਬੈਂਕ ਲਈ ਇਹ ਸਭ ਕਰ ਰਹੇ ਹਨ।

ਉਨ੍ਹਾਂ ਕਿਹਾ, ਇਹ ਇੱਕ ਅਟੱਲ ਤੱਥ ਹੈ ਕਿ ਕੈਨੇਡਾ ਵਿੱਚ ਟਰੂਡੋ ਪ੍ਰਸ਼ਾਸਨ ਨੇ ਉਸ ਦੇਸ਼ ਵਿੱਚ ਭਾਰਤ ਵਿਰੋਧੀ ਤਾਕਤਾਂ ਨੂੰ ਖੁੱਲ੍ਹਾ ਹੱਥ ਦਿੱਤਾ ਹੋਇਆ ਹੈ। ਉਨ੍ਹਾਂ ਕਿਹਾ ਕਿ ਉਥੇ ਭਾਰਤੀ ਮਿਸ਼ਨਾਂ 'ਤੇ ਹਮਲੇ ਕੀਤੇ ਗਏ ਅਤੇ ਡਿਪਲੋਮੈਟਾਂ ਨੂੰ ਡਰਾਇਆ-ਧਮਕਾਇਆ ਗਿਆ ਪਰ ਕੈਨੇਡੀਅਨ ਸਰਕਾਰ ਵੱਲੋਂ ਕੋਈ ਸੁਧਾਰਾਤਮਕ ਕਾਰਵਾਈ ਨਹੀਂ ਕੀਤੀ ਗਈ।

"ਕੀ ਕੈਨੇਡਾ ਦੀ ਸਰਕਾਰ ਨੇ ਉਥੇ ਭਾਰਤੀ ਮਿਸ਼ਨਾਂ 'ਤੇ ਹਮਲਾ ਕਰਨ ਵਾਲੇ ਦੋਸ਼ੀਆਂ ਖਿਲਾਫ ਕੋਈ ਵੀ ਕਾਰਵਾਈ ਕੀਤੀ ਹੈ?" ਉਨ੍ਹਾਂ ਕਿਹਾ, ਜਦਕਿ ਸ੍ਰੀ ਟਰੂਡੋ ਅਜਿਹੇ ਦੋਸ਼ ਲਗਾ ਕੇ ਉਸ ਦੇਸ਼ ਵਿੱਚ ਭਾਰਤ ਵਿਰੋਧੀ ਗਤੀਵਿਧੀਆਂ ਨੂੰ ਰੋਕਣ ਵਿੱਚ ਆਪਣੀਆਂ ਨਾਕਾਮੀਆਂ ਤੋਂ ਧਿਆਨ ਹਟਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਕੈਪਟਨ ਅਮਰਿੰਦਰ ਨੇ ਕਿਹਾ ਕਿ ਉਨ੍ਹਾਂ ਨੇ ਟਰੂਡੋ ਦੇ ਧਿਆਨ ਵਿੱਚ ਲਿਆਂਦਾ ਸੀ ਕਿ ਕਿਵੇਂ ਕੈਨੇਡੀਅਨ ਜ਼ਮੀਨ ਦੀ ਭਾਰਤ ਵਿਰੁੱਧੀ ਤਾਕਤਾਂ ਵਲੋਂ ਵਰਤੋਂ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ, ਜਦੋਂ ਉਹ ਟਰੂਡੋ ਨੂੰ 2018 ਵਿੱਚ ਉਨ੍ਹਾਂ ਦੀ ਭਾਰਤੀ ਫੇਰੀ ਦੌਰਾਨ ਅੰਮ੍ਰਿਤਸਰ ਦੇ ਇੱਕ ਹੋਟਲ ਵਿੱਚ ਮਿਲੇ ਸਨ, ਤਾਂ ਉਨ੍ਹਾਂ ਨੇ ਉਨ੍ਹਾਂ ਨਾਲ ਸਾਰੀ ਜਾਣਕਾਰੀ ਸਾਂਝੀ ਕੀਤੀ ਸੀ।

ਕੈਨੇਡੀਅਨ ਸਰਕਾਰ ਵੱਲੋਂ ਕੋਈ ਉਪਾਅ ਕਰਨ ਦੀ ਬਜਾਏ ਉਸ ਦੇਸ਼ ਵਿੱਚ ਭਾਰਤ ਵਿਰੋਧੀ ਗਤੀਵਿਧੀਆਂ ਵਿੱਚ ਵਾਧਾ ਹੀ ਹੋਇਆ ਹੈ।

ਕੈਪਟਨ ਨੇ ਕਿਹਾ, ਉਨ੍ਹਾਂ ਨੇ ਕੈਨੇਡਾ ਦੇ ਤਤਕਾਲੀ ਰੱਖਿਆ ਮੰਤਰੀ ਹਰਜੀਤ ਸਿੰਘ ਸੱਜਣ ਨੂੰ ਉਨ੍ਹਾਂ ਦੀ ਭਾਰਤ ਫੇਰੀ ਦੌਰਾਨ ਮਿਲਣ ਤੋਂ ਇਨਕਾਰ ਕਰਨ ਦਾ ਕਾਰਨ ਇਹ ਸੀ ਕਿ ਉਹ (ਸੱਜਣ) ਵਿਸ਼ਵ ਸਿੱਖ ਸੰਗਠਨ ਨਾਲ ਜੁੜਿਆ ਹੋਇਆ ਸੀ ਜੋਕਿ ਕਾਫ਼ੀ ਸਮੇਂ ਤੋਂ ਭਾਰਤ ਵਿਰੁੱਧ ਕੰਮ ਵਿੱਚ ਲੱਗੇ ਹੋਏ ਸੀ। ਸਾਬਕਾ ਮੁੱਖ ਮੰਤਰੀ ਨੇ ਭਾਰਤ ਵਿਰੋਧੀ ਗਤੀਵਿਧੀਆਂ ਨੂੰ ਹੱਲਾਸ਼ੇਰੀ ਦੇਣ ਲਈ ਕੈਨੇਡੀਅਨ ਡਿਪਲੋਮੈਟ ਨੂੰ ਕੱਢਣ ਦੇ ਭਾਰਤ ਸਰਕਾਰ ਦੇ ਫੈਸਲੇ ਦੀ ਸ਼ਲਾਘਾ ਵੀ ਕੀਤੀ।

## ਫਗਵਾੜਾ ਵਿਚ ਕਰਿਆਨਾ ਕਾਰੋਬਾਰੀ ਨੂੰ ਗੋਲੀ ਮਾਰ ਕੇ ਮਾਰਿਆ



ਕਪੂਰਥਲਾ, 19 ਸਤੰਬਰ (ਪੋਸਟ ਬਿਊਰੋ): ਪੰਜਾਬ ਦੇ ਕਪੂਰਥਲਾ ਸ਼ਹਿਰ ਦੇ ਫਗਵਾੜਾ ਵਿੱਚ ਦੇਰ ਰਾਤ ਇੱਕ ਕਰਿਆਨੇ ਦੇ ਕਾਰੋਬਾਰੀ ਦੀ ਗੋਲੀ ਮਾਰ ਕੇ ਕਤਲ ਕਰ ਦਿੱਤਾ ਗਿਆ। ਪ੍ਰਾਪਤ ਜਾਣਕਾਰੀ ਮੁਤਾਬਕ ਫਾਇਰਿੰਗ ਦੀ ਇਹ ਘਟਨਾ ਨਿਊ ਮਨਸਾ ਦੇਵੀ ਨਗਰ ਵਿੱਚ ਵਾਪਰੀ ਹੈ। ਮ੍ਰਿਤਕ ਵਿਅਕਤੀ ਦੀ ਪਛਾਣ ਪੰਕਜ ਦੁੱਗਲ ਵਜੋਂ ਹੋਈ ਹੈ। ਪੰਕਜ ਦੁੱਗਲ ਦਾ ਹਿਮਾਚਲ ਵਿੱਚ ਕਰਿਆਨੇ ਦਾ ਕਾਰੋਬਾਰ ਸੀ। ਉਹ ਉੱਥੇ ਸਾਮਾਨ ਸਪਲਾਈ ਕਰਦਾ ਸੀ।

ਘਟਨਾ ਦੀ ਸੂਚਨਾ ਮਿਲਦੇ ਹੀ ਐਸਪੀ ਗੁਰਪ੍ਰੀਤ ਸਿੰਘ ਗਿੱਲ ਥਾਣਾ ਇੰਚਾਰਜ ਸਣੇ ਮੌਕੇ 'ਤੇ ਪੁੱਜੇ। ਉਸ ਨੇ ਦੱਸਿਆ ਕਿ ਉਸ ਨੂੰ ਮਨਸਾ ਦੇਵੀ ਨਗਰ ਵਿੱਚ ਕਿਸੇ ਅਣਪਛਾਤੇ ਵਿਅਕਤੀ ਨੇ ਗੋਲੀ ਮਾਰ ਦਿੱਤੀ ਹੈ। ਪਤਾ ਲੱਗਾ ਹੈ ਕਿ ਮ੍ਰਿਤਕ ਵਿਅਕਤੀ ਹਿਮਾਚਲ ਵਿਚ ਕੰਮ ਕਰਦਾ ਸੀ ਅਤੇ ਉੱਥੇ ਕਰਿਆਨੇ ਦਾ ਸਮਾਨ ਸਪਲਾਈ ਕਰਦਾ ਸੀ। ਫਿਲਹਾਲ ਇਸ ਘਟਨਾ ਨੂੰ ਕਿੰਨੇ ਜਣਿਆਂ ਨੇ ਇਸ ਵਾਰਦਾਤ ਨੂੰ ਅੰਜ਼ਾਮ ਦਿੱਤਾ, ਇਸ ਦੀ ਪੁਸ਼ਟੀ ਹੋਣੀ ਬਾਕੀ ਹੈ। ਉਨ੍ਹਾਂ ਕਿਹਾ ਕਿ ਸੀਸੀਟੀਵੀ ਫੁਟੇਜ ਵੀ ਕਬਜ਼ੇ ਵਿੱਚ ਲੈ ਕੇ ਜਾਂਚ ਕੀਤੀ ਜਾ ਰਹੀ ਹੈ।

ਪਰਿਵਾਰਕ ਮੈਂਬਰਾਂ ਦਾ ਕਹਿਣਾ ਹੈ ਕਿ ਦੋ ਅਣਪਛਾਤੇ ਵਿਅਕਤੀ ਪੰਕਜ ਦੁੱਗਲ ਦੇ ਘਰ ਆਏ, ਉਸ ਨੂੰ ਗੋਲੀ ਮਾਰ ਕੇ ਫਰਾਰ ਹੋ ਗਏ। ਉਨ੍ਹਾਂ ਦੱਸਿਆ ਕਿ ਹਮਲਾਵਰਾਂ ਨੇ ਪੰਕਜ 'ਤੇ ਦੋ ਗੋਲੀਆਂ ਚਲਾਈਆਂ। ਦਿਲ ਵਿਚ ਗੋਲੀ ਲੱਗਣ ਕਾਰਨ ਪੰਕਜ ਦੀ ਮੌਤ ਹੋ ਗਈ। ਜਦਕਿ ਇੱਕ ਗੋਲੀ ਉਸ ਦੇ ਢਿੱਡ ਵਿੱਚ ਲੱਗੀ। ਸਿਵਲ ਹਸਪਤਾਲ ਦੇ ਡਾਕਟਰਾਂ ਨੇ ਦੱਸਿਆ ਕਿ ਜਦੋਂ ਪੰਕਜ ਨੂੰ ਹਸਪਤਾਲ ਲਿਆਂਦਾ ਗਿਆ ਤਾਂ ਉਹ ਪਹਿਲਾਂ ਹੀ ਦਮ ਤੋੜ ਚੁੱਕਾ ਸੀ।










## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ। ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4'' tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਨਿਊਟਨ ਟੈਨਿਸ ਕਲੱਬ ਦੀ ਇੱਕ ਹੋਰ ਵੱਡੀ ਪੁਲਾਂਘ: ਸਰੀ ਓਪਨ 2023...!



















ਜੇਕਰ ਮੌਜੂਦਾ ਸਮੇਂ ਟੈਨਿਸ ਵਿੱਚ ਪਰਵਾਸੀ ਪੰਜਾਬੀ ਭਾਈਚਾਰੇ ਵਲੋਂ ਉਲੀਕੇ ਕਿਸੇ ਸਾਰਥਕ ਕਦਮ ਦੀ ਚਰਚਾ ਕੀਤੀ ਜਾਵੇਗੀ ਤਾਂ ਯਕੀਨਨ ਨਿਊਟਨ ਟੈਨਿਸ ਕਲੱਬ, ਸਰੀ ਦਾ ਨਾਮ ਸਭ ਤੋਂ ਪਹਿਲਾਂ ਹਰ ਕਿਸੇ ਦੀ ਜੁਬਾਨ ਤੇ ਆਵੇਗਾ। ਨਿਊਟਨ ਟੈਨਿਸ ਕਲੱਬ, ਸਰੀ ਉਂਝ ਤਾਂ 2015 ਤੋਂ ਕਾਰਜਸ਼ੀਲ ਹੈ ਪਰ ਅਧਿਕਾਰਤ ਤੌਰ ਤੇ ਇਹ 2019 ਵਿੱਚ ਹੋਂਦ ਵਿੱਚ ਆਇਆ ਤੇ ਹੁਣ ਦੂਜੇ ਸਰੀ ਓਪਨ 2023 ਦਾ ਸਫ਼ਲ ਅਯੋਜਨ ਕਰਕੇ ਇਸ ਨੇ ਇਕ ਹੋਰ ਮੀਲ ਪੱਥਰ ਆਪਣੇ ਨਾਮ ਕਰ ਲਿਆ। ਮੈਂ ਕਦੇ ਪਿੱਛੇ ਮੁੜ ਕੇ ਨਹੀਂ ਵੇਖਦੀ, ਮੈਂ ਅੱਗੇ ਵੱਲ ਹੀ ਵੇਖਦੀ ਹਾਂ।

ਪ੍ਰਸਿੱਧ ਟੈਨਿਸ ਖਿਡਾਰਨ ਸਟੈਫੀ ਗ੍ਰਾਫ ਦੇ ਉਪਰੋਕਤ ਕਥਨ ਤੇ ਪਹਿਰਾ ਦਿੰਦੇ ਹੋਏ ਨਿਊਟਨ ਕਲੱਬ ਮੈਂਬਰ ਵੀ ਤਨ-ਮਨ-ਧਨ ਨਾਲ ਇਕਜੁੱਟ ਹੋ ਕੇ ਕਾਰਜ ਕਰ ਰਹੇ ਹਨ। ਦੱਸ ਦੇਵਾਂ ਕਿ ਨਿਊਟਨ ਟੈਨਿਸ ਕਲੱਬ ਪਰਵਾਸੀ ਪੰਜਾਬੀਆਂ ਵਲੋਂ ਲੀਕ ਤੋਂ ਹੱਟ ਕੇ ਟੈਨਿਸ ਖੇਡ ਨਾਲ ਨੌਜਵਾਨਾਂ ਨੂੰ ਜੋੜਨ ਦਾ ਇਕ ਵਿਲੱਖਣ ਉਪਰਾਲਾ ਹੈ ਕਿਉਂਕਿ ਪੰਜਾਬੀਆਂ ਦੀ ਜਿਆਦਾਤਰ ਮਨਭਾਉਂਦੀਆਂ ਖੇਡਾਂ ਹਾਕੀ, ਕਬੱਡੀ, ਫੁੱਟਬਾਲ ਜਾਂ ਕ੍ਰਿਕਟ ਹੀ ਰਹੀਆਂ ਹਨ। ਇਸ ਹੀ ਸੰਦਰਭ ਵਿੱਚ ਨਿਊਟਨ-ਸਰੀ ਪੰਜਾਬੀ ਭਾਈਚਾਰੇ ਨੇ ਆਪਸੀ ਸਹਿਯੋਗ ਨਾਲ ਨਿਊਟਨ ਟੈਨਿਸ ਕਲੱਬ ਦਾ ਗਠਨ ਕਰ ਕੇ ਵੱਡਾ ਉੱਦਮ ਕੀਤਾ ਹੈ ਤਾਂ ਜੋ ਟੈਨਿਸ ਵਰਗੀ ਵੱਕਾਰੀ ਖੇਡ ਵਿੱਚ ਵੀ ਪੰਜਾਬੀ ਮੂਲ ਦੇ ਖਿਡਾਰੀਆਂ ਨੂੰ ਖੇਡਣ ਲਈ ਉਤਸ਼ਾਹਿਤ ਕੀਤਾ ਜਾ ਸਕੇ। ਨਿਊਟਨ ਟੈਨਿਸ ਕਲੱਬ ਹੋਰ ਭਾਈਵਾਲ ਕਲੱਬਾਂ ਨਾਲ ਮਿਲ ਕੇ ਟੈਨਿਸ ਖੇਡ ਨੂੰ ਪ੍ਰਫੁੱਲਤ ਕਰਨ ਲਈ ਯਤਨਸ਼ੀਲ ਹੈ। ਇਸ ਹੀ ਲੜੀ ਵਿੱਚ ਇਸ ਨੂੰ ਸਨਸ਼ਾਈਨ ਕਲੱਬ ਡੇਲਟਾ ਦਾ ਭਰਪੂਰ ਸਹਿਯੋਗ ਮਿਲ ਰਿਹਾ ਹੈ। ਨਿਊਟਨ ਕਲੱਬ, ਟੈਨਿਸ ਬੀ.ਸੀ ਤੋਂ ਮਾਨਤਾ ਪ੍ਰਾਪਤ ਹੈ ਅਤੇ ਅਗਾਂਹ ਨਿਊਟਨ ਕਲੱਬ ਨੂੰ ਟੈਨਿਸ ਕੈਨੇਡਾ ਦਾ ਮੈਂਬਰ ਹੋਣ ਦਾ ਵੀ ਮਾਣ ਪ੍ਰਾਪਤ ਹੈ। ਇਸ ਕਲੱਬ ਦੇ ਮੌਜੂਦਾ ਸਮੇਂ 150 ਮੈਂਬਰ ਹਨ। ਨਿਊਟਨ, ਇੱਕ ਗੈਰ ਮੁਨਾਫ਼ਾ ਸੰਸਥਾ ਹੈ ਜਿਸ ਦਾ ਮੁੱਖ ਮਕਸਦ ਟੈਨਿਸ ਖੇਡ ਨੂੰ ਆਮ ਲੋਕਾਂ ਵਿੱਚ ਹੋਰ ਪ੍ਰਫੁਲਿਤ ਕਰਨ ਤੋਂ ਹੈ। ਕਲੱਬ ਮੁੱਖ ਤੌਰ ਤੇ ਬੱਚਿਆਂ ਅਤੇ ਨੌਜਵਾਨਾ ਨੂੰ ਖੇਡਾਂ ਰਾਹੀ ਇੱਕ ਯੋਗ ਅਤੇ ਨਰੋਈ ਸੇਧ ਦੇਣ ਲਈ ਵਚਨਬੱਧ ਹੈ। ਨਿਊਟਨ ਟੈਨਿਸ ਕਲੱਬ, ਟੈਨਿਸ ਖੇਡ ਨਾਲ ਸਬੰਧਿਤ ਬੱਚਿਆਂ ਦੇ ਕੈਂਪ, ਟੈਨਿਸ ਲੀਗ ਅਤੇ ਸਾਲਾਨਾ ਡਬਲਜ਼ ਟੈਨਿਸ ਟੂਰਨਾਮੈਂਟ ਵਰਗੀਆਂ ਗਤੀਵਿਧੀਆਂ ਵਿੱਚ ਆਪਣੀ ਸ਼ਮੂਲੀਅਤ ਸਫਲਤਾ ਨਾਲ ਦਰਜ ਕਰਵਾ ਚੁੱਕਾ ਹੈ। ਇਸ ਹੀ ਲੜੀ ਅਧੀਨ ਪਿਛਲੇ ਮਹੀਨੇ ਅਗਸਤ ਵਿੱਚ ਟੈਨਿਸ ਬੀ. ਸੀ. ਦੁਆਰਾ ਮਾਨਤਾ ਪ੍ਰਾਪਤ ਦੂਜਾ 'ਸਰੀ ਓਪਨ ਟੈਨਿਸ ਟੂਰਨਾਮੈਂਟ 2023' ਮਿਤੀ 4 ਤੋਂ ਅਗਸਤ ਤੋਂ 13 ਅਗਸਤ ਤੱਕ ਨਿਊਟਨ ਟੈਨਿਸ ਕੋਰਟ ਵਿੱਚ ਸਫਲਤਾਪੂਰਵਕ ਕਰਵਾਇਆ ਗਿਆ ਜਿਸ ਵਿੱਚ ਟੈਨਿਸ ਦੇ ਵੱਖ-ਵੱਖ ਪੱਧਰ ਜਿਵੇਂ 2.5, 3.0, 3.5, 4.0, 4.5 ਅਤੇ ਓਪਨ ਵਰਗ ਅਧੀਨ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਬ੍ਰਿਟਿਸ਼ ਕੋਲੰਬੀਆ ਅਤੇ ਹੋਰ ਪ੍ਰੋਵਿੰਸ ਦੇ ਵੱਖ-ਵੱਖ ਸ਼ਹਿਰਾਂ ਤੋਂ 526 ਖਿਡਾਰੀਆਂ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਸ਼ਮੂਲੀਅਤ ਕੀਤੀ। ਇਸ ਸਾਲ ਪਿਛਲੇ ਸਾਲ ਦੇ ਮੁਕਾਬਲੇ ਕੁਲ ਖਿਡਾਰੀਆਂ ਦੀ ਗਿਣਤੀ ਵਿੱਚ ਚੋਖਾ ਵਾਧਾ ਹੋਇਆ ਕਿਉਂਕਿ ਪਿਛਲੇ ਸਾਲ ਇਹ ਗਿਣਤੀ 340 ਹੀ ਸੀ। ਇਨਾਮਾਂ ਦੀ ਰਾਸ਼ੀ ਵੀ ਇਸ ਵਾਰ ਪਹਿਲਾਂ ਨਾਲੋਂ ਦੁੱਗਣੀ ਭਾਵ ਵੀਹ ਹਜ਼ਾਰ ਕੈਨੇਡੀਅਨ ਡਾਲਰ ਰੱਖੀ ਗਈ ਸੀ।

ਸਰੀ ਓਪਨ ਦਾ ਸਫਲ ਆਯੋਜਨ ਕਰਨ ਲਈ 520 ਮੁਕਾਬਲਿਆਂ ਲਈ 20 ਟੈਨਿਸ ਕੋਰਟਾਂ ਦੀ ਵਰਤੋਂ ਕੀਤੀ ਗਈ। ਇਸ ਵਿੱਚ ਸਨਸ਼ਾਈਨ ਕਲੱਬ ਨੇ ਵੀ ਆਪਣੇ ਕੋਰਟ ਮੁਹੱਈਆ ਕਰਵਾਏ ਸਨ। ਖਿਡਾਰੀਆਂ ਦੀ ਹੌਸਲਾ ਅਫਜਾਈ ਕਰਨ ਲਈ ਵੱਡੀ ਗਿਣਤੀ ਵਿੱਚ ਦਰਸ਼ਕਾਂ ਦਾ ਵੀ ਭਰਪੂਰ ਸਾਥ ਮਿਲਆ। ਸਰੀ-ਨਿਊਟਨ ਪ੍ਰਸ਼ਾਸਨਿਕ ਅਧਿਕਾਰੀਆਂ, ਸਪਾਂਸਰਜ, ਵਲੰਟੀਅਰਾਂ ਅਤੇ ਕਮਿਊਨਿਟੀ ਮੈਂਬਰਾਂ ਨੇ ਵੀ ਇਸ ਕੱਪ ਦੀ ਸਫਲਤਾ ਲਈ ਆਪਣਾ ਵੱਡਮੁੱਲਾ ਯੋਗਦਾਨ ਪਾਇਆ। ਇਸ ਵਾਰ ਟੈਨਿਸ ਬੀ.ਸੀ ਅਤੇ ਸਿਟੀ ਆਫ਼ ਸਰੀ ਵਲੋਂ ਨਿਊਟਨ ਕਲੱਬ ਦੀ ਵਿਤੀ ਸਹਾਇਤਾ ਲਈ ਫੰਡ ਵੀ ਜਾਰੀ ਕੀਤੇ ਜਾ ਰਹੇ ਹਨ। ਸਰੀ ਸਿਟੀ ਮੇਅਰ ਬ੍ਰੈਂਡਾ ਲੌਕ ਨੇ ਫਾਈਨਲ ਮੁਕਾਬਲੇ ਵਾਲੇ ਦਿਨ ਕਲੱਬ ਪ੍ਰਬੰਧਕਾ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਜੈਤੂ ਖਿਡਾਰੀਆਂ ਨੂੰ ਇਨਾਮ ਤਕਸੀਮ ਵੀ ਕੀਤੇ। ਨਿਊਟਨ ਕਲੱਬ ਦੀ ਸਮੁੱਚੀ ਟੀਮ ਵੱਲੋਂ ਆਏ ਹੋਏ ਦਰਸ਼ਕਾਂ ਅਤੇ ਪਹੁੰਚੀਆਂ ਸਮੁੱਚੀਆਂ ਸ਼ਖਸੀਅਤਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ। ਡਾਇਰੈਕਟਰ ਗੈਰੀ ਡੇਹਲੋ ਇਸ ਟੂਰਨਾਮੈਂਟ ਦਾ ਸਫਲ ਅਯੋਜਨ ਕਰਨ ਵਿੱਚ ਅਹਿਮ ਭੂਮਿਕਾ ਨਿਭਾਈ। ਟੂਰਨਾਮੈਂਟ ਦੇ ਡਰਾਅ ਤਿਆਰ ਕਰਨ ਵਿੱਚ ਸੋਫੀਆ ਪਾਈਲੀਪੈਂਕੋ, ਜੈ ਵਿਲਾਨੁਏਵਾ ਅਤੇ ਪਵਨ ਬ੍ਰੈਚ ਨੇ ਬਾਖੂਬੀ ਡਿਊਟੀ ਨਿਭਾਈ। ਰਾਜਦੀਪ ਝੱਲੀ ਅਤੇ ਅਮਰਜੀਤ ਸੰਧੂ ਦੀ ਸੁਚੱਜੀ ਅਗਵਾਈ ਵੀ ਸਰੀ ਉਪਨ ਦੀ ਸਫਲਤਾ ਵਿੱਚ ਖਾਸ ਸਥਾਨ ਰੱਖਦੀ ਹੈ।

ਡਾਇਰੈਕਟਰ ਆਫ ਅਪਰੈਨਸ਼ਨਜ ਗੁਰਮੁੱਖ ਝੂਟੀ ਦੇ ਅਣਥੱਕ ਯਤਨਾਂ ਨਾਲ ਨਿਊਟਨ ਟੈਨਿਸ ਕਲੱਬ ਨਿੱਤ ਨਵੀਆਂ ਮੰਜਿਲਾਂ ਸਰ ਕਰ ਰਿਹਾ ਹੈ ਅਤੇ ਸਰੀ ਓਪਨ ਨੂੰ ਸਫ਼ਲ ਬਣਾਉਣ ਵਿੱਚ ਵੀ ਉਨ੍ਹਾਂ ਦਾ ਵਿਸ਼ੇਸ਼ ਯੋਗਦਾਨ ਹੈ। ਬੱਚਿਆਂ ਦੀ ਕੋਚਿੰਗ (ਯੰਗ ਏਸਸ) ਦੀ ਜਿੰਮੇਵਾਰੀ ਕੋਆਰਡੀਨੇਟਰ ਪਵਨਦੀਪ ਸਾਹਨੀ ਦੇਖ-ਰੇਖ ਹੇਠਾਂ ਲਗਾਤਾਰ ਚਲ ਰਹੀ ਹੈ। ਕੋਚ ਦੀ ਜ਼ਿੰਮੇਵਾਰੀ ਬੀ.ਸੀ ਟੈਨਿਸ ਦੇ ਮਾਪਦੰਡਾਂ ਅਨੁਸਾਰ ਹੀ ਸਬੰਧਿਤ ਕੋਚ ਨੂੰ ਦਿੱਤੀ ਜਾਂਦੀ ਹੈ। ਨਿਊਟਨ ਟੈਨਿਸ ਹਫਤੇ ਵਿੱਚ ਦੋ ਦਿਨ ਨੌਜਵਾਨ ਖਿਡਾਰੀਆਂ ਦੀਆਂ ਕੋਚਿੰਗ ਕਲਾਸਾਂ ਦਾ ਵੀ ਪ੍ਰਬੰਧ ਕਰਦਾ ਹੈ।

ਇਸ ਵਾਰ ਹੋਏ ਮੁਕਾਬਲਿਆਂ ਵਿੱਚ ਪੁਰਸ਼ਾ ਦੇ ਸਿੰਗਲਜ਼ ਵਰਗ ਵਿੱਚ ਪਿਛਲੇ ਸਾਲ ਦੇ 'ਰਿਆਨ ਡੂ ਟੋਇਟ' ਇਕ ਵਾਰ ਫਿਰ ਤੋਂ ਜੈਤੂ ਬਣੇ ਅਤੇ ਫਾਈਨਲਿਸਟ ਰਹੇ 'ਹੈਨਰੀ ਰੇਨ'। ਮਹਿਲਾ ਸਿੰਗਲਜ਼ ਓਪਨ ਚੈਂਪੀਅਨ ਬਣਨ ਦਾ ਮਾਣ ਅਨਾ ਮਾਰੀਆ ਦੇ ਹਿੱਸੇ ਆਇਆ, ਅਨਾ ਮਾਰੀਆ ਨੇ ਫਾਈਨਲ ਵਿੱਚ ਹਾਨਾ ਚੋ ਨੂੰ ਹਰਾ ਕੇ ਸਰੀ ਕੱਪ ਆਪਣੇ ਨਾਮ ਕੀਤਾ। ਪੁਰਸ਼ਾਂ ਦਾ ਓਪਨ ਡਬਲਜ਼ ਵਿੱਚ ਰਿਆਨ ਡੂਟੋਇਟ ਅਤੇ ਅਵੀ ਸੁਗਰ ਜੈਤੂ ਰਹੇ ਜਦ ਕਿ ਫਾਈਨਲਿਸਟ ਰਹੇ ਬੈਨ ਕਿਰਸ਼ ਅਤੇ ਪਾਲ ਰੈਚਫੋਰਡ। ਇਸ ਤਰ੍ਹਾਂ ਹੀ ਮਹਿਲਾ ਓਪਨ ਡਬਲਜ਼ ਵਿੱਚ ਜੂਲੀਅਟ ਜੀਆ ਵੇਨ ਝਾਂਗ ਅਤੇ ਵੈਂਡੀ ਕਿਊ ਵੇਨ ਝਾਂਗ ਨੇ ਹਾਨਾ ਚੋ ਅਤੇ ਰੇਨਾਟਾ ਗਾਬੂਜ਼ਯਾਨ ਨੂੰ ਹਰਾ ਕੇ ਸਰੀ ਓਪਨ ਆਪਣੇ ਨਾਮ ਕੀਤਾ। ਇਸ ਦੇ ਨਾਲ ਹੀ ਮਿਕਸਡ ਓਪਨ ਡਬਲਜ਼ ਵਿੱਚ ਮਨਦੀਪ ਯਾਦਵ ਅਤੇ ਵੈਂਡੀ ਕਿਊ ਵੇਨ ਝਾਂਗ ਜੈਤੂ ਅਤੇ ਸੇਬੇਸਟਿਅਨ ਡੀ ਅਤੇ ਰੇਬੇਕਾ ਜੌਂਜੀ ਉਪਜੈਤੂ ਰਹੇ।

ਪੰਜਾਬੀ ਜਿੱਥੇ ਵੀ ਜਾਂਦੇ ਹਨ ਆਪਣੇ ਕਾਰਜਾਂ ਦੁਆਰਾ ਗੁਰੂ ਸਾਹਿਬਾਨ ਦੇ ਸਿਧਾਂਤ ਦਾ ਵੀ ਨਾਲ-ਨਾਲ ਪ੍ਰਚਾਰ ਕਰਦੇ ਰਹਿੰਦੇ ਹਨ। ਇਸ ਹੀ ਲੜੀ ਵਿੱਚ ਸਰੀ ਓਪਨ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਿਆ। ਇਸ ਵਿੱਚ ਗੁਰਦੁਆਰਾ ਦਸ਼ਮੇਸ਼ ਦਰਬਾਰ ਸਰੀ ਦਾ ਵਿਸ਼ੇਸ਼ ਸਹਿਯੋਗ ਸੀ।

ਕੰਨਵਲ ਸ਼ੇਕਰ ਜੀ ਨੇ ਇਨ੍ਹਾਂ ਕਾਰਜਾਂ ਵਿੱਚ ਵੱਧ-ਚੜ ਕੇ ਹਿੱਸਾ ਲਿਆ। ਖਿਡਾਰੀਆਂ ਲਈ ਵੀ ਇਹ ਇਕ ਨਵਾਂ ਤਜਰਬਾ ਸੀ। ਇਸ ਤੋਂ ਪਹਿਲਾ ਨਿਊਟਨ ਟੈਨਿਸ ਕਲੱਬ ਨੇ ਅੰਡਰ-14 ਅਤੇ ਅੰਡਰ-16 ਦੇ ਟੈਨਿਸ ਮੁਕਾਬਲਿਆਂ ਦਾ ਜੁਲਾਈ ਵਿੱਚ ਸਫ਼ਲ ਅਯੋਜਨ ਕੀਤਾ। ਸਰੀ ਪ੍ਰੋਵੀਜਨਲ ਲੀਗ ਦੀ ਵੀ ਮੇਜ਼ਬਾਨੀ ਪਿਛਲੇ ਸਮਿਆਂ ਵਿੱਚ ਨਿਊਟਨ ਦੁਆਰਾ ਸਫ਼ਲਤਾ ਪੂਰਵਕ ਕੀਤੀ ਗਈ। ਹੁਣ ਅਗਲੇ ਮਹੀਨੇ ਨਿਊਟਨ ਕਲੱਬ ਟਰੂ ਸਟਾਰ ਟੂਰਨਾਮੈਂਟ ਅੰਡਰ-12 ਅਤੇ ਅੰਡਰ-14 ਦੀ ਵੀ ਮੇਜ਼ਬਾਨੀ ਸਤੰਬਰ ਵਿੱਚ ਕਰਨ ਜਾ ਰਿਹਾ ਹੈ। ਜੇਕਰ ਇਵੇਂ ਹੀ ਸਾਰਾ ਕੁੱਝ ਸਹੀ ਦਿਸ਼ਾ ਵਿੱਚ ਚੱਲਦਾ ਰਿਹਾ ਤਾਂ ਹੋ ਸਕਦਾ ਹੈ ਕਿ ਜਸਵੀਰ ਸਿੰਘ ਪੰਧੇਰ ਅਤੇ ਰਾਜਦੀਪ ਸਿੰਘ ਝੱਲੀ ਵੱਲੋਂ ਲਏ ਗਏ ਸੁਪਨੇ ਦੇ ਨਤੀਜੇ ਵਜੋਂ ਆਉਂਦੇ ਪੰਜ-ਦਸ ਸਾਲਾਂ ਵਿੱਚ ਹੋ ਸਕਦਾ ਹੈ ਕਿ ਕੋਈ ਪੰਜਾਬੀ ਖਿਡਾਰੀ ਕਿਸੇ ਗਰੇਡ ਸਲੇਮ ਟੂਰਨਾਮੈਂਟ ਵਿਚ ਕੈਨੇਡਾ ਦੇਸ਼ ਵੱਲੋਂ ਖੇਡਦਾ ਨਜ਼ਰ ਆਏ। ਜੇਕਰ ਇਸ ਕਲੱਬ ਦੀ ਪੂਰੀ ਕਾਰਜਸ਼ੈਲੀ ਉੱਪਰ ਝਾਤ ਮਾਰੀਏ ਤਾਂ ਜਸਵੀਰ ਸਿੰਘ ਪੰਧੇਰ, ਰਾਜਦੀਪ ਸਿੰਘ ਝੱਲੀ, ਗੁਰਿੰਦਰ ਡੇਹਲੋ, ਗੁਰਮੁੱਖ ਸਿੰਘ ਝੂਟੀ ਅਤੇ ਅਮਰਜੀਤ ਸਿੰਘ ਸੰਧੂ ਦੇ ਨਾਮ ਉਭਰ ਕੇ ਸਾਹਮਣੇ ਆਉਂਦੇ ਹਨ। ਗੁਰਿੰਦਰ ਡੇਹਲੋ ਜੋ ਆਪ ਫ਼ੀਲਡ ਹਾਕੀ ਦੇ ਬਹੁਤ ਵਧੀਆ ਖਿਡਾਰੀ ਰਹੇ ਹਨ, ਹੁਣ ਉਹ ਨਿਊਟਨ ਕਲੱਬ ਨਾਲ ਜੁੜ ਕੇ ਟੈਕਨੀਕਲ ਅਤੇ ਸੰਚਾਰ ਸਲਾਹਕਾਰ ਦੇ ਰੂਪ ਵਿੱਚ ਕਲੱਬ ਨੂੰ ਆਪਣੀ ਵੱਡਮੁਲੀਆ ਸੇਵਾਵਾਂ ਪ੍ਰਦਾਨ ਕਰ ਰਹੇ ਹਨ। ਨਿਊਟਨ ਕਲੱਬ ਬਾਰੇ ਹੋਰ ਜਾਣਕਾਰੀ ਪ੍ਰਾਪਤ ਕਰਨ ਲਈ ਇਸ ਕਲੱਬ ਦੀ ਵੈੱਬਸਾਈਟ .ਅਤੇ ਸੋਸ਼ਲ ਮੀਡੀਆ ਪਲੇਟਫਾਰਮਾਂ ਉਪਰ ਫੋਲੋ ਕੀਤਾ ਜਾ ਸਕਦਾ ਹੈ। ਟੈਨਿਸ ਇੱਕ ਮਹਿੰਗੀ ਖੇਡ ਹੈ ਅਤੇ ਜੇਕਰ ਨਿਊਟਨ ਕਲੱਬ ਨੂੰ ਆਪਣੇ ਭਾਈਚਾਰੇ, ਖੇਡ ਪ੍ਰੇਮੀਆ ਅਤੇ ਹੋਰ ਅਧਿਕਾਰਤ ਸੰਸਥਾਵਾਂ ਦਾ ਇੰਝ ਹੀ ਸਹਿਯੋਗ ਮਿਲਦਾ ਰਿਹਾ ਤਾਂ ਇਸ ਪੇਸ਼ੇਵਾਰ ਖੇਡ ਵਿੱਚ ਵੀ ਕਾਮਯਾਬੀ ਦੀਆ ਮੰਜ਼ਿਲਾਂ ਸਰ ਕੀਤੀਆਂ ਜਾ ਸਕਦੀਆਂ ਹਨ। ਮਰਹੂਮ ਪ੍ਰਸਿੱਧ ਅਮਰੀਕੀ ਟੈਨਿਸ ਖਿਡਾਰੀ ਆਰਥਰ ਐਸ਼ ਦਾ ਇਹ ਕਥਨ ਨਿਊਟਨ ਟੈਨਿਸ ਕਲੱਬ, ਸਰੀ ਦੇ ਮੈਂਬਰਾਂ ਤੇ ਬਿਲਕੁਲ ਢੁੱਕਵਾਂ ਬੈਠਦਾ ਹੈ ਕਿ ਜਿੱਥੇ ਤੁਸੀਂ ਹੋ ਉੱਥੋ ਸ਼ੁਰੂ ਕਰੋ। ਜੋ ਤੁਹਾਡੇ ਕੋਲ ਹੈ ਉਸ ਦੀ ਵਰਤੋਂ ਕਰੋ। ਤੁਸੀਂ ਜੋ ਕਰ ਸਕਦੇ ਹੋ ਕਰੋ। ਉਮੀਦ ਇਹੀ ਕੀਤੀ ਜਾ ਸਕਦੀ ਹੈ ਕਿ ਨਿਊਟਨ ਕਲੱਬ ਮੈਂਬਰਾਂ ਦੀਆਂ ਅਣਥੱਕ ਕੋਸ਼ਿਸ਼ਾਂ ਨੂੰ ਇਕ ਨਾ ਇਕ ਦਿਨ ਸਫਲਤਾ ਦਾ ਬੂਰ ਜਰੂਰ ਪਾਵੇਗਾ... ਆਮੀਨ!



ਜਗਜੀਤ ਸਿੰਘ ਗਣੇਸ਼ਪੁਰ,
ਵਟਸਐਪ: 94655-76022


Dr. Randhawa Dentistry

Your own dentist who really cares for you

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ


Dr. Samreet Kaur Randhawa
General Family Dentist

New Patients welcome
Deal Directly with all Insurance Companies

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!

FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111



Grand Upholstery Ltd
Sofa Company Originality in Every Piece

Special on Sale

- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ

Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com



URGENTLY NEED NEW LISTINGS IN BRAMPTON/CALEDON

visit: www.teamjagaujla.com

ADVERTISEMENT GUARANTEED TILL SOLD

JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com

MCNE

CALL JAG AUJLA FOR A QUICK & FREE HOME EVALUATION
www.BramptonTopRealtor.com

RECENTLY LISTED/SOLD IN YOUR NEIGHBOURHOOD

SHELBURNE (Simon St /Hwy 89)
ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

CAMBRIDGE (Speedsville/Equestrian Way)
ਐਂਡ ਯੂਨਿਟ ਕਾਨ੍ਰਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖੂਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

BRAMPTON (Mclaughlin / Steeles / Mavis)
ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

BRAMPTON (Wanless/Mclaughlin)
ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.

Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT



REXDALE BODY SHOP
USED CAR SALE

Specialization In:
- All Kinds of Body Work
- Auto Glass Windshield
- Denting, Painting & Welding

SPECIAL PAINT JOB $779
RENTAL CAR PROVIDED

ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM

CHEEMA
LOWEST PRICE IN TOWN
Towing Service Car Paint Starts $799* upto 100% Deductible Paid*

Call Rick or Manminder Cheema: 416.749.9596 / 416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

LOCAL & LONG DISTANCE MOVING

H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES




FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017